



ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।





ਮੁੱਖ ਸੰਪਾਦਕ
ਸਰਬਜੋਤ ਸਿੰਘ ਖਾਲਸਾ

ਮੁੱਖ ਸੰਪਾਦਕ ਸਰਬਜੋਤ ਸਿੰਘ ਖਾਲਸਾ    www.fatehtimesmedia.com    Email- fatehtimes1699@gmail.com

ਰਜਿ ਨੰ : ਪੀ ਬੀ 22000167    ਫਤਿਹਾਬਾਦ , ਬੁੱਧਵਾਰ 21 ਮਈ 2025, ਨਾਨਕਸ਼ਾਹੀ 8 ਜੇਠ , ਸੰਮਤ 557    ਸਾਲ: 4, ਅੰਕ 96, ਪੰਨੇ: 4, ਮੁੱਲ: 4 ਰੁਪਏ


## ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਗੁਰਗੱਦੀ ਦਿਵਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ

**ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਜੇ ਜਲੌ।**



ਅੰਮ੍ਰਿਤਸਰ, 20 ਮਈ (ਫ.ਟ.ਬ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਸ਼ਰਧਾ ਨਾਲ ਮਨਾਇਆ ਗਿਆ।ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌ ਸਜਾਏ ਗਏ। ਵੱਡੀ ਗਿਣਤੀ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗੁਰਤਾਗੱਦੀ ਦਿਹਾੜੇ ਦੇ ਸਬੰਧ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸਰਵਣ ਕਰਵਾਇਆ। ਉਨ੍ਹਾਂ ਸੰਗਤਾਂ ਨਾਲ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਵੀ ਕੀਤੀਆਂ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਨੇ ਮੀਰੀ ਪੀਰੀ ਦੀਆਂ ਕਿਰਪਾਨਾਂ ਧਾਰਨ (ਬਾਕੀ ਸਫਾ 3 ਤੇ)

## ਅਪਰੇਸ਼ਨ ਸਿੰਧੂਰ' ਦੀ ਸਫਲਤਾ ਤੇ ਤਿਰੰਗਾ ਯਾਤਰਾ ਕੱਢ ਕੇ ਮਨਾਇਆ ਜਿੱਤ ਦਾ ਜਸ਼ਨ



ਤਪਾ ਮੰਡੀ, 20 ਮਈ (ਧੀਮਾਨ) ਦੇਸ਼ ਦੇ ਲਈ ਅਸੀਂ ਸਾਰੇ ਇਕ ਹਾਂ ਪਾਰਟੀਆਂ ਅੱਡ ਅੱਡ ਹੋ ਸਕਦੀਆਂ ਹਨ, ਪਰ ਸਾਡਾ ਦੇਸ਼ ਸਭ ਦੇ ਲਈ ਇਕ ਹੈ। ਜਦੋਂ ਦੇਸ਼ ਦੀ ਗੱਲ ਆਉਂਦੀ ਹੈ ਤਾਂ ਭਾਰਤ ਦੀ ਵਿਸ਼ੇਸ਼ਤਾ ਇਹ ਹੈ ਕਿ ਅਸੀਂ ਸਾਰੇ ਇਕ ਮੰਚ ਤੇ ਇਕੱਤਰ ਹੋ ਜਾਂਦੇ ਹਾਂ ਪਾਕਿਸਤਾਨੀ ਆਤੰਕਵਾਦ ਦੇ ਖਿਲਾਫ ਭਾਰਤ ਵੱਲੋਂ 'ਅਪਰੇਸ਼ਨ ਸਿੰਧੂਰ' ਕਰਕੇ ਸਾਡੀ ਫ਼ੌਜ ਨੇ ਇਤਿਹਾਸ ਰਚ ਕੇ ਜੋ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ, ਉਸ ਸਬੰਧ ਵਿਚ ਸਾਡੀ ਸ਼ਕਤੀਸ਼ਾਲੀ ਸੈਨਾ ਨੂੰ ਧੰਨਵਾਦ ਦੇਣ ਲਈ ਸ਼ਹਿਰ ਦੀਆਂ ਸਮੂਹ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਜਥੇਬੰਦੀਆਂ ਨੇ ਤਿਰੰਗਾ ਯਾਤਰਾ ਕੱਢੀ। ਇਹ ਤਿਰੰਗਾ ਯਾਤਰਾ ਡਾਕਘਰ ਤਪਾ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿਚੋਂ ਦੀ ਹੁੰਦੀ ਹੋਈ ਅਗਰਵਾਲ ਧਰਮਸ਼ਾਲਾ ਵਿਖੇ ਸਮਾਪਤ ਹੋਈ। ਇਸ ਤਿਰੰਗਾ ਯਾਤਰਾ ਵਿਚ ਹੋਰਨਾਂ ਤੋਂ ਇਲਾਵਾ ਜਿਲ੍ਹਾ ਪ੍ਰਧਾਨ ਯਾਦਵਿੰਦਰ ਸ਼ੰਟੀ, ਮਹਾਂਕਾਵੜ ਸੰਘ ਦੇ ਸੂਬਾ ਪ੍ਰਧਾਨ ਤਰਲੋਚਨ ਬਾਂਸਲ,ਬੀਜੇਪੀ ਮੰਡਲ ਤਪਾ ਦੇ ਪ੍ਰਧਾਨ ਅਸ਼ਵਨੀ ਬਹਾਵਲਪੁਰੀਆ,ਜਿਲ੍ਹਾ ਜਰਨਲ ਸਕੱਤਰ ਸੋਮਨਾਥ ਸ਼ਰਮਾ,ਗੁਰਸ਼ਰਨ ਸਿੰਘ ਠੀਕਰੀਵਾਲ, ਉਗਰ ਸੈਨ ਮੌੜ, ਕ੍ਰਿਸ਼ਨ ਸਿੰਘ ਠੀਕਰੀਵਾਲ,ਪ੍ਰਦੀਪ ਕੁਮਾਰ ਤੀਲੀ,ਵਿਪਨ ਗੁਪਤਾ,ਲਵਲੀ ਮਹਿਰਾਜ, ਮਹਿੰਦਰ ਪਾਲ ਮਿੱਤਲ, ਰਵਿੰਦਰ ਤਾਜੋ, ਰਵਿੰਦਰ ਨਿਓਲਾ, ਪਰਟੀ ਭਾਰਤੀ, ਬਲਵਿੰਦਰ ਸ਼ਰਮਾ, ਸਤਪਾਲ ਸ਼ਰਮਾ ਤਾਜੋ,ਲਾਜਪਤ ਰਾਏ ਤਾਜੋ,ਹਰੀਸ਼ ਚੰਦਰ ਤਪਾ,ਪ੍ਰਵੀਨ ਮਹਿਤਾ,ਵਿਜੇ ਅਗਰਵਾਲ,ਰਜਿੰਦਰ ਭੁੱਟੋ,ਗੋਲਡੀ ਮਿੱਤਲ,ਅੰਕਿਤ ਸਿੰਗਲਾ, ਵਿੱਕੀ ਤਨੇਜਾ ਆਦਿ ਵੱਡੀ ਗਿਣਤੀ 'ਚ ਸਹਿਰ ਵਾਸੀ ਮੌਜੂਦ ਸਨ।

## ਚੇਅਰਮੈਨੀਆਂ ਲਈ ਪੰਜਾਬ ਵਾਲੇ ਨਹੀ ਦਿਸਦੇ ?

### ਸਰਬਜੋਤ ਸਿੰਘ ਖਾਲਸਾ

ਆਮ ਆਦਮੀ ਪਾਰਟੀ ਦੇ ਲਈ ਦਿਨ ਰਾਤ ਕਰਨ ਵਾਲੇ ਇਸਦੇ ਪੰਜਾਬ ਦੇ ਵਲੰਟੀਅਰ ਅੱਜ ਜਦੋ ਸੂਬਾ ਪੱਧਰੀ ਚੇਅਰਮੈਨੀਆਂ ਦਾ ਸਮਾ ਆਇਆ ਤਾ ਇਹਨਾ ਲੋਕਾਂ ਨੂੰ ਛੱਡ ਬਾਹਰੀ ਰਾਜਾ ਦੇ ਲੋਕਾਂ ਨੂੰ ਉਹ ਚੇਅਰਮੈਨੀਆਂ ਦੇ ਕੇ ਭਗਵੰਤ ਮਾਨ ਸਰਕਾਰ ਕੀ ਸਾਬਤ ਕਰਨਾ ਚਾਹੁੰਦੀ ਹੈ, ਕੀ ਚੇਅਰਮੈਨੀਆਂ ਲਈ ਪੰਜਾਬ ਵਾਲੇ ਹੁਣ ਦਿਸਦੇ ਨਹੀ ? ਜਿਸ ਤਰੀਕੇ ਨਾਲ ਦਿੱਲੀ ਦੇ ਨਕਾਰੇ ਹੋਏ ਆਗੂ ਪੰਜਾਬ ਦੇ ਕੰਮਾਂ ਚ ਦਖਲਅੰਦਾਜ਼ੀ ਦੇ ਕੇ ਕੰਮ ਕਰਾ ਰਹੇ ਹਨ ਇਸ ਦਾ ਜਵਾਬ ਪੰਜਾਬ ਦੀ ਲੀਡਰਸ਼ਿਪ ਨੂੰ ਹੀ ਪੰਜਾਬ ਵਾਸੀਆਂ ਨੂੰ ਦੇਣਾ ਪੈਣਾ ਹੈ ਦਿੱਲੀ ਵਾਲਿਆਂ ਨੇ ਫਿਰ ਪਾਸੇ ਹੋ ਜਾਣਾ। ਜਿਸ ਤਰਾਂ ਇਹਨਾਂ ਆਪ ਤਾ ਬਿਕਰਮ ਮਜੀਠੀਆ ਤੋਂ ਮਾਫੀ ਮੰਗ ਕੇ ਖਹਿੜਾ ਛੁਡਾ ਲਿਆ ਸੀ ਪਰ ਜਿਨ੍ਹਾਂ ਨੇ ਫਲੈਕਸ ਲਾ ਕੇ ਮਜੀਠੀਆ ਬਾਰੇ ਕਿਹਾ ਸੀ ਉਹ ਤੇ ਜੋ ਬੀਤ ਰਹੀ ਸੀ ਉਹੀ ਜਾਣਦੇ ਸਨ।


**LIC ਬੀਮਾ ਸੇਵਾ ਕੇਂਦਰ**

ਭਾਰਤੀਯ ਜੀਵਨ ਬੀਮਾ ਨਿਗਮ
LIFE INSURANCE CORPORATION OF INDIA

ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈੱਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈਂਥ ਕਲੇਮ,ਮਚਿਉਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖਬਾਰਾਂ ਵਿਚ ਨਾਮ ਬਦਲੀ,ਬੇਦਖਲੀ ਨੋਟਿਸ,ਟਿਊਬਵੈਲ ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।


## ਹਲਕਾ ਆਦਮਪੁਰ ਦੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕ ਦੀਆਂ ਆ ਰਹੀਆਂ ਮੰਗਾਂ ਵੱਲ ਧਿਆਨ ਦੇਣ ਦੀ ਗੱਲਬਾਤ ਕੀਤੀ



**ਸਾਬਕਾ ਵਿਧਾਇਕ ਸ੍ਰੀ ਪਵਨ ਕੁਮਾਰ ਟੀਨੂ, ਅਤੇ ਉਹਨਾਂ ਦੇ ਨਾਲ ਮੰਡੀ ਬੋਰਡ ਚੇਅਰਮੈਨ ਪਰਮਜੀਤ ਸਿੰਘ ਰਾਜਵੰਸ਼ ਆਦਮਪੁਰ ਆਪਣੀ ਪੂਰੀ ਟੀਮ ਨਾਲ ਚੰਡੀਗੜ੍ਹ ਪਹੁੰਚੇ ਮੁੱਖ ਮੰਤਰੀ ਪੰਜਾਬ ਨਾਲ ਮੁਲਾਕਾਤ ਕੀਤੀ।**

ਭੋਗਪੁਰ, 20 ਮਈ (ਪੀ ਸੀ ਰਾਜਪੂਤ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਨ ਲਈ ਪਹੁੰਚੇ ਹਲਕਾ ਆਦਮਪੁਰ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ,ਅਤੇ ਦੋ ਵਾਰ ਰਹਿ ਚੁੱਕੇ ਸਾਬਕਾ ਵਿਧਾਇਕ ਸ੍ਰੀ ਪਵਨ ਕੁਮਾਰ ਟੀਨੂ,ਅਤੇ ਉਹਨਾਂ ਦੇ ਨਾਲ ਮੰਡੀ ਬੋਰਡ ਚੇਅਰਮੈਨ ਪਰਮਜੀਤ ਸਿੰਘ ਰਾਜਵੰਸ਼ ਆਦਮਪੁਰ ਆਪਣੀ ਪੂਰੀ ਟੀਮ ਨਾਲ ਚੰਡੀਗੜ੍ਹ ਪਹੁੰਚੇ ਮੁੱਖ ਮੰਤਰੀ ਪੰਜਾਬ ਨਾਲ ਮੁਲਾਕਾਤ ਕੀਤੀ ਹਲਕਾ ਆਦਮਪੁਰ ਦੇ ਗੰਭੀਰ ਮਸਲਿਆਂ ਦੇ ਸਬੰਧ ਵਿੱਚ ਗੱਲਬਾਤ ਕੀਤੀ ਗਇੀ ਚੇਅਰਮੈਨ ਪਰਮਜੀਤ ਸਿੰਘ ਰਾਜਵੰਤ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਸ੍ਰੀ ਪਵਨ ਕੁਮਾਰ ਟੀਨੂ ਜਿਨਾਂ ਨੂੰ ਆਮ ਆਦਮੀ ਪਾਰਟੀ ਵੱਲੋਂ ਵੱਡੀ ਜਿੰਮੇਵਾਰੀ ਸੌਂਪੀ ਗਈ ਹੈ ਹਲਕਾ ਆਦਮਪੁਰ ਦੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕ ਦੀਆਂ ਆ ਰਹੀਆਂ ਮੰਗਾਂ ਵੱਲ ਧਿਆਨ ਦੇਣ ਦੀ ਗੱਲਬਾਤ ਕੀਤੀ ਕਿਹਾ ਕਿ ਜਿਨਾਂ ਪਿੰਡਾਂ ਦਾ ਵਿਕਾਸ ਨਹੀਂ ਹੋਇਆ ਜਾਂ ਫਿਰ ਕੰਮ ਅਧੂਰੇ ਰਹਿ ਗਏ ਹਨ ਪੂਰੇ ਕੀਤੇ ਜਾਣਗੇ ਹੋਰ ਵੀ ਕਾਫੀ ਮਸਲਿਆਂ ਤੇ ਵਿਚਾਰ ਚਰਚਾ ਕੀਤੀ ਗਈ ਬਹੁਤ ਸਾਰੇ ਪਿੰਡ ਹਨ ਸਰਪੰਚਾਂ ਨੂੰ ਗਰਾਂਟਾਂ ਨਹੀਂ ਮਿਲੀਆਂ ਹਲਕਾ ਆਦਮਪੁਰ ਦੇ ਭੋਗਪੁਰ ਵਿੱਚ (ਬਾਕੀ ਸਫਾ 3 ਤੇ)


**ਜਨਮ ਦਿਨ ਮੁਬਾਰਕ**

ਅਰਸ਼ਦੀਪ ਸਿੰਘ
ਪਿਤਾ ਜਸਵੀਰ ਸਿੰਘ
ਵਾਸੀ ਭੋਗਪੁਰ
ਜਿਲਾ ਜਲੰਧਰ





visit us on:
www.fatehtimesmedia.com
fatehtimes1699@gmail.com


## ਭਾਰਤੀ ਫ਼ੌਜ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਵਾਈ ਸੁਰੱਖਿਆ ਗੰਨਾਂ ਲਗਾਉਣ ਵਾਲਾ ਬਿਆਨ ਹੈਰਾਨੀਜਨਕ- ਮੁੱਖ ਗ੍ਰੰਥੀ





**ਐਡਵੋਕੇਟ ਧਾਮੀ ਨੇ ਵੀ ਕਿਹਾ, ਪ੍ਰਬੰਧਕੀ ਤੌਰ 'ਤੇ ਅਜਿਹੀ ਕੋਈ ਪ੍ਰਵਾਨਗੀ ਨਹੀਂ ਦਿੱਤੀ, ਨਾ ਹੀ ਅਜਿਹਾ ਕੁਝ ਵਾਪਰਿਆ**

ਅੰਮ੍ਰਿਤਸਰ, 20 ਮਈ (ਫ.ਟ.ਬ) ਬੀਤੇ ਕੱਲ੍ਹ ਭਾਰਤੀ ਫ਼ੌਜ ਦੇ ਲੈਫ਼ਟੀਨੈਂਟ ਜਨਰਲ ਸੁਮੇਰ ਇਵਾਨ ਵੱਲੋਂ ਇੱਕ ਚੈਨਲ ਨਾਲ ਇੰਟਰਵੀਊ ਦੌਰਾਨ ਹਾਲੀਆ ਭਾਰਤ ਪਾਕਿਸਤਾਨ ਤਣਾਅ ਵਿਚਕਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਫੌਜ ਦੀਆਂ ਹਵਾਈ ਸੁਰੱਖਿਆ ਗੰਨਾਂ ਲਗਾਉਣ ਸਬੰਧੀ ਕੀਤੇ ਗਏ ਦਾਅਵੇ ਨੂੰ ਮੂਲੋਂ ਰੱਦ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਇਸ ਨੂੰ ਹੈਰਾਨੀਜਨਕ ਕਰਾਰ ਦਿੱਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਬੀਤੇ ਦਿਨੀਂ ਅੰਮ੍ਰਿਤਸਰ ਜਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਹਿਰ ਵਿੱਚ ਬਲੈਕਆਊਟ ਸਬੰਧੀ ਕੀਤੀਆਂ ਗਈਆਂ ਹਦਾਇਤਾਂ ਦੇ ਮੱਦੇਨਜ਼ਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਬੰਧ ਵੱਲੋਂ ਸਹਿਯੋਗ ਕੀਤਾ ਗਿਆ, ਇਸ ਦੌਰਾਨ ਸ੍ਰੀ ਦਰਬਾਰ ਸਾਹਿਬ ਸਮੂਹ ਦੀਆਂ ਬਾਹਰਲੀਆਂ ਤੇ ਉੱਪਰਲੀਆਂ ਲਾਈਟਾਂ ਤੈਅ ਸਮੇਂ ਸੀਮਾ ਅਨੁਸਾਰ ਬੰਦ ਕੀਤੀਆਂ ਗਈਆਂ ਪ੍ਰੰਤੂ ਜਿੱਥੇ-ਜਿੱਥੇ ਗੁਰੂ ਦਰਬਾਰ ਦੀ ਮਰਿਆਦਾ ਚਲਦੀ ਹੈ ਉਨ੍ਹਾਂ ਥਾਵਾਂ ਉੱਤੇ ਲਾਈਟਾਂ ਚੱਲਦੀਆਂ ਰੱਖ ਕੇ ਪੂਰੀ ਜਿੰਮੇਵਾਰੀ ਨਾਲ ਮਰਿਆਦਾ ਨਿਭਾਈ ਗਈ ਹੈ। ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਭਾਰਤੀ ਫੌਜ ਦੇ ਲੈਫਟੀਨੈਂਟ ਜਨਰਲ ਵੱਲੋਂ ਇਹ ਦਾਅਵਾ ਕਰਨਾ ਕਿ ਆਪਰੇਸ਼ਨ ਸਿੰਧੂਰ ਦੌਰਾਨ ਹੈਡ ਗ੍ਰੰਥੀ ਵੱਲੋਂ ਫੌਜ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਪਣੀਆਂ ਹਵਾਈ ਸੁਰੱਖਿਆ ਗੰਨਾਂ ਲਗਾਉਣ ਦੀ ਪ੍ਰਵਾਨਗੀ ਦਿੱਤੀ ਗਈ ਹੈ, ਇਹ ਮੂਲੋਂ ਗਲਤ ਹੈ ਕਿਉਂਕਿ ਅਜਿਹੀ ਕੋਈ ਪ੍ਰਵਾਨਗੀ ਨਹੀਂ ਦਿੱਤੀ ਗਈ ਅਤੇ ਨਾ ਹੀ ਕੋਈ ਗੰਨਾਂ ਲਗਾਉਣ ਜਿਹਾ ਘਟਨਾਕ੍ਰਮ ਇਸ ਪਾਵਨ ਅਸਥਾਨ ਉੱਤੇ ਪ੍ਰਵਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਮੂਹ, ਲੰਗਰ ਸ੍ਰੀ ਗੁਰੂ ਰਾਮਦਾਸ ਜੀ, ਸ੍ਰੀ ਅਖੰਡ ਪਾਠ ਸਾਹਿਬਾਨ ਵਾਲੇ ਅਸਥਾਨ (ਬਾਕੀ ਸਫਾ 3 ਤੇ)

# ਠੰਡੇ ਮਿੱਠੇ ਜਲ ਦੀ ਲਗਾਈ ਛਬੀਲ



ਫਤਿਹ ਟਾਈਮਜ਼ ਅੰਮ੍ਰਿਤਸਰ, 20 ਮਈ (ਪ ਪ) ਛੇਵੇ ਗੁਰੂ ਧੰਨ ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਗੁਰਤਾ ਗੱਦੀ ਦਿਵਸ ਮੌਕੇ ਅਤੇ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਸਬੰਧ ਵਿੱਚ ਹਲਕਾ ਦੱਖਣੀ ਦੀ ਵਾਰਡ ਨੰਬਰ 46 ਅੰਦਰੂਨ ਸੁਲਤਾਨਵਿੰਡ ਗੇਟ ਢੋਲੀ ਮੁਹੱਲਾ ਵਿਖੇ ਉੱਘੇ ਸਮਾਜ ਸੇਵਕ ਬਲਬੀਰ ਸਿੰਘ ਬਿੱਲਾ ਆਰੇ ਵਾਲੇ ਅਤੇ ਮੁਹੱਲਾ ਵਾਸੀਆਂ ਵਲੋ ਸਮੂਹ ਸੰਗਤਾ ਲਈ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਇਸ ਮੌਕੇ ਸ਼ਿਵ ਅਰੋੜਾ, ਪ੍ਰਿੰਸ,ਜਿੰਮੀ,ਰਾਜੂ, ਪਾਲੀ ਅਤੇ ਹੋਰ ਹਾਜ਼ਰ ਸਨ।

# ਪਿੰਡ ਵਾਸੀ ਨਸ਼ੇ ਵੇਚਣ ਵਾਲਿਆਂ ਦੀ ਸੂਚਨਾ ਪੰਜਾਬ ਸਰਕਾਰ ਨੂੰ ਦੇਣ, ਪਛਾਣ ਰੱਖੀ ਜਾਵੇਗੀ ਗੁਪਤ : ਲਾਭ ਸਿੰਘ ਉਗੋਕੇ




ਫਤਿਹ ਟਾਈਮਜ਼ ਤਪਾ ਮੰਡੀ 20 ਮਈ (ਧੀਮਾਨ) ਮੁੱਖ ਮੰਤਰੀ ਪੰਜਾਬ ਸ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਿੰਡ ਪੱਧਰ ਤੱਕ ਲੋਕਾਂ ਨੂੰ ਜੋੜਿਆ ਜਾ ਰਿਹਾ ਹੈ। ਪਿੰਡਾਂ ਦੇ ਪਹਿਰੇਦਾਰਾਂ ਦੇ ਰੂਪ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਨਸ਼ਿਆਂ ਖਿਲਾਫ ਆਵਾਜ਼ ਚੁੱਕਣ ਵਾਲੇ ਪਿੰਡ ਵਾਸੀਆਂ ਦੀ ਇਹ ਜ਼ੁੰਮੇਵਾਰੀ ਹੈ ਕਿ ਉਹ ਨਸ਼ਾ ਵੇਚਣ ਵਾਲਿਆਂ ਦੀ ਕੋਈ ਮਦਦ ਨਾ ਕਰਨ ਅਤੇ ਉਨ੍ਹਾਂ ਦੀ ਜਾਣਕਾਰੀ ਪੁਲਸ ਨੂੰ ਦੇਣ।ਭਦੌੜ ਵਿਧਾਇਕ ਸ਼੍ਰੀ ਲਾਭ ਸਿੰਘ ਉਗੋਕੇ ਨੇ ਇਸ ਗੱਲ ਦਾ ਪ੍ਰਗਟਾਵਾ ਪਿੰਡ ਨੈਣੇਵਾਲ ਅਤੇ ਬੱਲੋਕੇ ਵਿਖੇ ਨਸ਼ਾ ਮੁਕਤੀ ਯਾਤਰਾ ਨੂੰ ਸਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਸਬੰਧੀ ਸੂਚਨਾ ਪੰਜਾਬ ਸਰਕਾਰ ਦੇ ਵਿਸ਼ੇਸ਼ ਵਟਸਅੱਪ ਨੰਬਰ +91 97791 00200 ਉੱਤੇ ਦਿੱਤੀ ਜਾ ਸਕਦੀ ਹੈ।ਸੂਚਨਾ ਦੇਣ ਵਾਲੇ ਦਾ ਨਾਮ ਅਤੇ ਪਛਾਣ ਗੁਪਤ ਰੱਖੀ ਜਾਵੇਗੀ।ਇਨ੍ਹਾਂ ਪਿੰਡਾਂ ਵਿਚ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਪੰਜਾਬ ਦੀ ਜਵਾਨੀ ਬਚਾਉਣ ਲਈ ਇਕੱਠੇ ਹੰਭਲਾ ਮਾਰਨ ਦੀ ਲੋੜ ਹੈ। ਇਸ ਹੀ ਸੋਚ ਨਾਲ ਪਿੰਡ ਪਿੰਡ ਪਹਿਰੇਦਾਰ ਬਣਾ ਕੇ ਸਰਕਾਰ ਵੱਲੋਂ ਨਿਗਰਾਨੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਚ ਨਸ਼ਾ ਪੀੜਤ ਲੋਕਾਂ ਦਾ ਇਲਾਜ ਕਰਵਾਉਣ ਲਈ ਵੀ ਪਿੰਡ ਵਾਸੀ ਅੱਗੇ ਆਉਣ ਅਤੇ ਇਨ੍ਹਾਂ ਪੀੜਤਾਂ ਨੂੰ ਮੁੜ ਵਸੇਬੇ ਲਈ ਬਣਾਏ ਗਏ ਸਰਕਾਰੀ ਕੇਂਦਰਾਂ ਵਿਚ ਦਾਖਲ ਕਰਵਾਉਣ।






# "ਆਪ" ਨੇ ਪੰਜਾਬ ਵਿੱਚ ਆਪਣੇ ਆਪ ਨੂੰ ਨਿਰਬਲ ਘੋਸ਼ਿਤ ਕੀਤਾ : ਸ਼ਰੁਤੀ ਵਿਜ



**ਬਾਹਰੀ ਰਾਜਾਂ ਦੇ ਲੋਕਾਂ ਨੂੰ ਪੰਜਾਬ ਬੋਰਡਾਂ ਵਿੱਚ ਅਗਵਾਈ, ਮੁੱਖਮੰਤਰੀ ਪੰਜਾਬ ਦੀ ਜਨਤਾ ਨੂੰ ਦਿਓ ਜਵਾਬ।**

ਫਤਿਹ ਟਾਈਮਜ਼ ਅੰਮ੍ਰਿਤਸਰ, 20 ਮਈ (ਫ.ਟ.ਬ) ਆਮ ਆਦਮੀ ਪਾਰਟੀ (ਆਪ) ਨੇ ਸਾਰਵਜਨਿਕ ਰੂਪ ਨਾਲ ਆਪਣੇ ਰਾਜ ਵਿੱਚ ਕੁਸ਼ਲ ਕਾਰਜਕਰਤਾਵਾਂ ਅਤੇ ਵਿਧਾਇਕਾਂ ਦੀ ਅਕੁਸ਼ਲਤਾ ਨੂੰ ਸਵੀਕਾਰ ਕਰ ਲਿਆ ਹੈ। ਆਪ ਨੇ ਪੰਜਾਬ ਵਿੱਚ ਆਪਣੇ ਆਪ ਨੂੰ ਨਿਰਬਲ ਘੋਸ਼ਿਤ ਕਰਾਰ ਦਿੰਦੇ ਹੋਏ ਬਾਹਰੀ ਰਾਜਾਂ ਦੇ ਲੋਕਾਂ ਨੂੰ ਪੰਜਾਬ ਬੋਰਡਾਂ ਵਿੱਚ ਅਗਵਾਈ ਦੇਕੇ ਇਹ ਸਾਬਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਪੰਜਾਬੀਆਂ ਦੇ ਸਰਵੋੱਤਮ ਹਿਤਾਂ ਦੀ ਰੱਖਿਆ ਕਰਣ ਵਿੱਚ ਅਸਫਲ ਹੈ। ਜਿਸਦੇ ਚਲਦੇ ਪੰਜਾਬ ਦੇ ਮੁੱਖਮੰਤਰੀ ਜੋ ਪੰਜਾਬ ਦੇ ਹਕਾਂ ਦੀ ਗੱਲ ਕਰਦੇ ਹਨ, ਉਨ੍ਹਾਂ ਨੂੰ ਇਸ ਫੈਸਲੇ ਉੱਤੇ ਸਾਰਵਜਨਿਕ ਹੋਕੇ ਜਵਾਬ ਦੇਣਾ ਚਾਹੀਦਾ ਹੈ ਕਿ ਅਜਿਹੀ ਕਿਹੜੀ ਮਜਬੂਰੀ ਹੈ ਕਿ ਉਹ ਚੁਪ ਬੈਠੇ ਹੋਏ ਹਨ। ਇਹ ਗੱਲ ਭਾਜਪਾ ਮਹਿਲਾ ਮੋਰਚਾ ਅਮ੍ਰਿਤਸਰ ਦੀ ਪ੍ਰਧਾਨ ਅਤੇ ਕੌਂਸਲਰ ਸ਼ਰੁਤੀ ਵਿਜ ਨੇ ਇੱਥੇ ਜਾਰੀ ਪ੍ਰੈਸ ਨੋਟ ਵਿੱਚ ਕਹੀ।ਉਨ੍ਹਾਂ ਨੇ ਦੱਸਿਆ ਕਿ ਹਾਲ ਹੀ ਵਿੱਚ ਆਪ ਸਰਕਾਰ ਵੱਲੋਂ ਕੀਤੀਆਂ ਗਈਆਂ ਨਿਯੁਕਤੀਆਂ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਸਥਾਨਕ ਪ੍ਰਤੀਭਾ ਨੂੰ ਦਰਕਿਨਾਰ ਕਰਕੇ ਬਾਹਰੀ ਲੋਕਾਂ ਨੂੰ ਪ੍ਰਮੁੱਖ ਰਾਜਨੀਤਕ ਪਦਾਂ ਉੱਤੇ ਨਿਯੁਕਤ ਕੀਤਾ ਗਿਆ ਹੈ। ਮਹੱਤਵਪੂਰਣ ਰਾਜਨੀਤਕ ਪਦਾਂ ਉੱਤੇ ਦਿੱਲੀ ਅਤੇ ਉੱਤਰ ਪ੍ਰਦੇਸ਼ ਤੋਂ ਆਏ ਲੋਕਾਂ ਨੂੰ ਬਿਨਾਂ ਅਨੁਭਵ ਦੇ ਰੱਖਿਆ ਗਿਆ ਹੈ।ਉਨ੍ਹਾਂ ਨੇ ਦੱਸਿਆ ਕਿ ਦੀਪਕ ਚੁਹਾਨ ਜੋਂ ਸੰਦੀਪ ਪਾਠਕ ਦਾ ਸਾਬਕਾ ਵਿਅਕਤੀਗਤ ਸਹਾਇਕ ਹੈ ਅਤੇ ਉੱਤਰ ਪ੍ਰਦੇਸ਼ ਵਲੋਂ ਆਉਂਦੇ ਹਨ, ਨੂੰ ਪੰਜਾਬ ਦੇ ਵੱਡੇ ਉਦਯੋਗਕ ਵਿਕਾਸ ਬੋਰਡ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੇ ਕੋਲ ਉਦਯੋਗਕ ਅਨੁਭਵ ਦੀ ਕਮੀ ਗੰਭੀਰ ਸਵਾਲ ਚੁੱਕਦਾ ਹੈ ਕਿ ਸਰਕਾਰ ਪੰਜਾਬ ਦੇ ਵਿਕਾਸ ਦੇ ਪ੍ਰਤੀ ਕਿੰਨੀ ਗੰਭੀਰ ਹੈ।ਇਸਦੇ ਇਲਾਵਾ , ਕਿਸੇ ਗੈਰ - ਪੰਜਾਬੀ ਨੂੰ ਨਿਯੁਕਤ ਕਰਣਾ ਸਾਡੇ ਮਿਹਨਤੀ ਨਾਗਰਿਕਾਂ ਕਰਦਾਤਾਵਾਂ ਦੇ ਲਈ ਵੀ ਅਪਮਾਨਜਨਕ ਹੈ ।ਉਨ੍ਹਾਂ ਨੇ ਦੱਸਿਆ ਕਿ ਇਸੇ ਤਰ੍ਹਾਂ ਰੀਨਾ ਗੁਪਤਾ ਜੋ ਦਿੱਲੀ ਏਸ.ਈ.ਆਈ.ਏ.ਏ ਦੀ ਪੂਰਵ ਮੈਂਬਰ ਹਨ ਅਤੇ ਗੈਰ - ਪੰਜਾਬੀ ਹਨ , ਇਨ੍ਹਾਂ ਨੂੰ ਪੰਜਾਬ ਪ੍ਰਦੂਸ਼ਣ ਕਾਬੂ ਬੋਰਡ ਦੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ । ਇਹ ਕਦਮ ਨਾ ਕੇਵਲ ਪੰਜਾਬ ਵਿੱਚ ਉਪਲੱਬਧ ਮੁਹਾਰਤ ਨੂੰ ਘੱਟ ਕਰਦਾ ਹੈ , ਸਗੋਂ ਵਫਾਦਾਰੀ ਨੂੰ ਯੋਗਤਾ ਉੱਤੇ ਅਗੇਤ ਦੇਣ ਦਾ ਵੀ ਸੰਕੇਤ ਦਿੰਦਾ ਹੈ ।ਮੁੱਖਮੰਤਰੀ ਭਗਵੰਤ ਮਾਨ ਦੀ ਸਰਕਾਰ ਅਜਿਹਾ ਪ੍ਰਤੀਤ ਹੁੰਦਾ ਹੈ ਕਿ ਪੰਜਾਬ ਦੇ ਮਿਹਨਤੀ ਕਰਦਾਤਾਵਾਂ ਦੇ ਪੈਸੇ ਨੂੰ ਅਜਿਹੇ ਖਰਚ ਕਰ ਰਹੀ ਹੈ ਜਿਵੇਂ ਉਹ ਕੋਈ ਛੋਟਾ ਜਿਹਾ ਪੇਸ਼ਾ ਹੋਵੇ। ਅਜਿਹੀ ਰਣਨੀਤੀ ਸਾਡੇ ਰਾਜ ਦੇ ਆਰਥਕ ਭਵਿੱਖ ਲਈ ਚੰਗੀ ਨਹੀਂ ਹੈ । ਇਸ ਘਟਨਾਕਰਮ ਦੇ ਮੱਦੇਨਜਰ , ਅਸੀ ਆਮ ਆਦਮੀ ਪਾਰਟੀ ਦੇ ਅਗਵਾਈ ਨੂੰ ਜ਼ਿੰਮੇਦਾਰੀ ਲੈਣ ਅਤੇ ਤੱਤਕਾਲ ਇਸਤੀਫਾ ਦੇਣ ਦੀ ਅਪੀਲ ਕਰਦੇ ਹਾਂ । ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਲੋਕ ਸਮਰੱਥਾਵਾਨ ਤਰਜਮਾਨੀ ਅਤੇ ਪ੍ਰਸ਼ਾਸਨ ਦੇ ਹੱਕਦਾਰ ਹਨ ਨਾ ਕਿ ਅਣਦੇਖੀ ਦੇ।

# ਪੰਜਾਬ ਸੂਬੇ ਨੂੰ ਕਮਜੋਰ ਕਰਨ ਲਈ ਭੈੜੇ ਅਨਸਰਾਂ ਨੂੰ ਨੱਥ ਪਾਉਣ ਦੀ ਬਜਾਏ ਉਤਸ਼ਾਹਿਤ ਕੀਤਾ ਜਾ ਰਿਹਾ ਹੈ : ਸਾਬਕਾ ਵਿਧਾਇਕ ਸਿੱਕੀ



**ਜਗਰੂਪ ਸਿੰਘ ਸੰਧੂ ਦੇ ਗ੍ਰਹਿ ਖੁਵਾਸਪੁਰ ਵਿਖੇ ਸਾਬਕਾ ਵਿਧਾਇਕ ਸਿੱਕੀ ਦੀ ਅਗਵਾਈ ਹੇਠ ਪ੍ਰੈਸ ਕਾਨਫਰੰਸ।**

ਫਤਿਹ ਟਾਈਮਜ਼ ਫਤਿਹਾਬਾਦ, 20 ਮਈ (ਐਸ ਐਸ ਸੰਧਾ/ਸ਼ੀਤਲ ਬਾਵਾ) ਪਿੰਡ ਖੁਵਾਸਪੁਰ ਦੇ ਸਰਪੰਚ ਜਗਰੂਪ ਸਿੰਘ ਦੇ ਗ੍ਰਹਿ ਵਿਖੇ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਇਕ ਪ੍ਰੈਸ ਕਾਨਫਰੰਸ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਵਿਸ਼ੇਸ਼ ਤੌਰ ਤੇ ਕਾਗਰਸ ਪਾਰਟੀ ਦੇ ਸੀਨੀਅਰ ਆਗੂ ਨਿਸ਼ਾਨ ਸਿੰਘ ਸ਼ੇਰਗਿੱਲ, ਸਰਪੰਚ ਜਗਰੂਪ ਸਿੰਘ ਖੁਵਾਸਪੁਰ, ਮਹਿੰਦਰ ਸਿੰਘ ਕੰਬੋਜ ਫਤਿਆਬਾਦ, ਨੰਬਰਦਾਰ ਸੁਖਦੇਵ ਸਿੰਘ, ਮਹਿਤਾਬ ਸਿੰਘ ਕਾਲੀਆ ਮੈਬਰ, ਭੋਲਾ ਸਿੰਘ ਖੁਵਾਸਪੁਰ ਮੈਬਰ ਸਕੱਤਰ ਸਿੰਘ ਮੈਬਰ, ਮੁਖਤਾਰ ਸਿੰਘ ਭਗਤ ਸਾਬਕਾ ਮੈਬਰ ਤੋ ਇਲਾਵਾ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੇ ਪੀ ਏ ਰਣਜੀਤ ਸਿੰਘ ਪਵਾਰ ਭੈਲ ਆਦਿ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਮੌਕੇ ਤੇ ਪੰਜਾਬ ਸੂਬੇ ਵਿਚ ਲਾਅ ਐਂਡ ਆਰਡਰ ਦੀ ਡਾਵਾਂਡੋਲ ਸਥਿਤੀ ਤੇ ਚਰਚਾ ਕਰਦਿਆ ਸ ਰਮਨਜੀਤ ਸਿੰਘ ਸਿੱਕੀ ਨੇ ਕਿਹਾ ਪੰਜਾਬ ਸੂਬੇ ਨੂੰ ਕਮਜੋਰ ਕਰਨ ਲਈ ਕੇਦਰ ਦੇ ਯਤਨ ਵੀ ਜਾਰੀ ਹਨ ਜਿਸ ਲਈ ਭੈੜੇ ਅਨਸਰਾਂ ਨੂੰ ਨੱਥ ਪਾਉਣ ਦੀ ਬਜਾਏ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਉਨਾ ਨੂੰ ਨਜਾਇਜ ਹਥਿਆਰ ਦੇ ਨਾਲ ਨਾਲ ਨਸ਼ੇ ਅਤੇ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ। ਜਿਸ ਦੇ ਬਲਬੂਤੇ ਤੇ ਭੈੜੇ ਅਨਸਰਾਂ ਵਲੋਂ ਆਏ ਦਿਨ ਫਿਰੌਤੀਆਂ ਵਾਸਤੇ ਲੋਕਾ ਦੇ ਘਰਾ ਤੇ ਫਾਇਰਿੰਗ ਕੀਤੀ ਜਾ ਰਹੀ ਹੈ। ਵਪਾਰੀ ਵਰਗ ਡਰਿਆ ਪਿਆ ਹੈ ਪਰ ਮਾਨ ਸਰਕਾਰ ਫਿਰੌਤੀਆਂ ਮੰਗਣ ਵਾਲਿਆਂ ਨੂੰ ਟ੍ਰੇਸ ਕਰਨ ਚ ਅਸਫਲ ਨਜਰ ਆ ਰਹੀ। ਉਨਾ ਕਿਹਾ ਕਿ ਪੰਜਾਬ ਸਰਕਾਰ ਦਾ ਇਕੋ ਇਕ ਏਜੰਡਾ ਹੈ ਕਿ ਵਿਰੋਧੀਆਂ ਨੂੰ ਕਿਵੇ ਨੁੱਕਰੇ ਲਾਉਣਾ ਹੈ ਜਿਸ ਲਈ ਇਸ ਸਰਕਾਰ ਦੇ ਵਿਧਾਇਕ ਪਿੰਡਾ ਦੇ ਚੁੱਣੇ ਹੋਏ ਸਰਪੰਚਾਂ ਨੂੰ ਤੰਗ ਪ੍ਰੇਸ਼ਾਨ ਕਰ ਰਹੀ ਹੈ। ਇੰਸਪੈਕਟਰ ਚਰਨਜੀਤ ਸਿੰਘ ਦੇ ਕਤਲ ਦੇ ਮਾਮਲੇ ਵਿਚ ਗੱਲਬਾਤ ਕਰਦਿਆਂ ਸ ਰਮਨਜੀਤ ਸਿੰਘ ਸਿੱਕੀ ਨੇ ਕਿਹਾ ਕਿ ਹਲਕਾ ਵਿਧਾਇਕ ਆਪਣੇ ਸਰਪੰਚ ਨੂੰ ਬਚਾਉਣ ਲਈ ਹਰ ਹਥਕੰਡੇ ਅਪਣਾ ਰਿਹਾ ਹੈ। ਸਾ ਵਿਧਾਇਕ ਸਿੱਕੀ ਨੇ ਇਕ ਫੋਟੋ ਦਿਖਾਉਂਦੇ ਹੋਏ ਦੱਸਿਆ ਕਿ ਵਿਧਾਇਕ ਦੇ ਕਰੀਬੀ ਸਰਪੰਚ ਦੇ ਭਰਾ ਕੋਲੋ ਵਲਾਇਤੀ ਹਥਿਆਰ ਬਰਾਮਦ ਹੋ ਰਹੇ ਹਨ। ਸਰਕਾਰ ਦੇ ਆਗੂਆਂ ਦੀ ਇਹ ਮਾਨਸਤਕਾ ਪੰਜਾਬ ਨੂੰ ਕਿਧਰ ਲੈ ਜਾਵੇਗੀ। ਅਖੀਰ ਵਿਚ ਸਾ ਵਿਧਾਇਕ ਸਿੱਕੀ ਨੇ ਗੁਹਾਰ ਲਗਾਈ ਕਿ ਸਾਨੂੰ ਆਪਣੇ ਹਸਦੇ ਵਸਦੇ ਪੰਜਾਬ ਨੂੰ ਬਚਾਉਣ ਲਈ ਹੰਭਲਾ ਮਾਰਨ ਦੀ ਲੋੜ ਹੈ ਆਉ ਕਾਗਰਸ ਦੇ ਝੰਡੇ ਹੇਠ ਇਕੱਠੇ ਹੋ ਕੇ ਆਪਣੀ ਅਵਾਜ ਨੂੰ ਬੁਲੰਦ ਕਰੀਏ ਤਾਂ ਜੋ ਭੈੜੇ ਅਨਸਰਾਂ ਨੂੰ ਨੱਥ ਪਾਈ ਜਾ ਸਕੇ।

ਸਫਾ 1 ਦੀ ਬਾਕੀ

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਗੁਰਗੱਦੀ ਦਿਵਸ.......

ਫਤਿਹ ਟਾਈਮਜ਼ ਕਰਕੇ ਸਿੱਖਾਂ ਅੰਦਰ ਜੁਲਮ ਖਿਲਾਫ਼ ਲੜਨ ਦਾ ਜਜ਼ਬਾ ਪੈਦਾ ਕੀਤਾ। ਇਸੇ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਗੁਰਤਾਗੱਦੀ ’ਤੇ ਬਿਰਾਜਮਾਨ ਹੋਣ ਸਮੇਂ ਸੰਗਤਾਂ ਨੂੰ ਜੋ ਹੁਕਮ ਕੀਤੇ ਸਨ, ਉਹ ਹੁਕਮ ਅੱਜ ਵੀ ਲਾਗੂ ਹਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਅੱਜ ਵੀ ਉਵੇਂ ਹੀ ਕਾਇਮ ਹੈ। ਜਥੇਦਾਰ ਸਾਹਿਬ ਨੇ ਸਮੁੱਚੀ ਸਿੱਖ ਕੌਮ ਨੂੰ ਇੱਕ ਨਿਸ਼ਾਨ ਸਾਹਿਬ ਹੇਠ ਇਕੱਠੇ ਹੋਣ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਹਰੇਕ ਸਿੱਖ ਆਪਣੇ ਕੋਲ ਸ਼ਸਤਰ ਰੱਖੇ, ਜੋ ਇਹ ਸਾਡੇ ਗੁਰੂ ਦਾ ਹੁਕਮ ਹੈ।

ਉਨ੍ਹਾਂ ਕਿਹਾ ਕਿ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾਅ ਹੋਏ, ਤਾਂ ਉਨ੍ਹਾਂ ਨੇ 52 ਰਾਜਿਆਂ ਨੂੰ ਵੀ ਕੈਦ ’ਚੋਂ ਰਿਹਾਅ ਕਰਵਾਇਆ। ਜਥੇਦਾਰ ਗੜਗੱਜ ਨੇ ਗੁਰੂ ਸਾਹਿਬ ਦੇ ਗੁਰਿਆਈ ਪੁਰਬ ਮੌਕੇ ਲੰਮੇ ਸਮੇਂ ਤੋਂ ਜੇਲ੍ਹਾਂ ਵਿਚ ਬੰਦ ਸਿੰਘਾਂ ਦੀ ਰਿਹਾਈ ਲਈ ਅਰਦਾਸ ਕੀਤੀ ਅਤੇ ਸਮੁੱਚੀ ਕੌਮ ਨੂੰ ਅਪੀਲ ਕੀਤੀ ਕਿ ਸਿੱਖਾਂ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਹਰ ਸਿੱਖ ਨੂੰ ਵੱਧ ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਗੁਰਤਾ ਗੱਦੀ ਦਿਵਸ ਦੀ ਵਧਾਈ ਦਿੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਇਕੱਠੇ ਹੋਣ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ ਤੇ ਚੱਲਣ ਦੀ ਅਪੀਲ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਰਜਿੰਦਰ ਸਿੰਘ ਰੂਬੀ, ਵਧੀਕ ਮੈਨੇਜਰ ਸ. ਜਸਪਾਲ ਸਿੰਘ ਢੱਡੇ, ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ, ਸ. ਨਿਸ਼ਾਨ ਸਿੰਘ ਜਫ਼ਰਵਾਲ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਸਫਾ 1 ਦੀ ਬਾਕੀ

# ਭਾਰਤੀ ਫ਼ੌਜ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ.....

ਫਤਿਹ ਟਾਈਮਜ਼ ਸ੍ਰੀ ਅਖੰਡ ਪਾਠ ਸਾਹਿਬਾਨ ਵਾਲੇ ਅਸਥਾਨ ਅਤੇ ਹੋਰ ਸਬੰਧਤ ਗੁਰ ਅਸਥਾਨਾਂ ਦੀ ਰੋਜ਼ਾਨਾ ਚੱਲਣ ਵਾਲੀ ਮਰਿਆਦਾ ਲਾਜ਼ਮੀ ਹੁੰਦੀ ਹੈ ਜਿਸ ਵਿੱਚ ਕਿਸੇ ਕਿਸਮ ਦਾ ਵਿਘਨ ਪਾਉਣ ਦਾ ਅਧਿਕਾਰ ਕਿਸੇ ਨੂੰ ਨਹੀਂ ਹੈ ਅਤੇ ਬੀਤੇ ਦਿਨੀਂ ਬਣੇ ਹਾਲਾਤ ਦੇ ਚੱਲਦਿਆਂ ਵੀ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਗੁਰੂ ਦਰਬਾਰ ਦੀ ਸਮੁੱਚੀ ਮਰਿਆਦਾ ਪੂਰਨ ਸਮਰਪਣ ਭਾਵ ਅਤੇ ਦ੍ਰਿੜ੍ਹਤਾ ਨਾਲ ਜਾਰੀ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਬਲੈਕਆਊਟ ਦੇ ਸਮੇਂ ਕਿਸੇ ਵੀ ਗੁਰ ਅਸਥਾਨ ਜਿੱਥੇ ਮਰਿਆਦਾ ਚੱਲਦੀ ਹੋਵੇ ਉਸ ਦੀਆਂ ਲਾਈਟਾਂ ਬੰਦ ਨਹੀਂ ਕੀਤੀਆਂ ਗਈਆਂ। ਸਿੰਘ ਸਾਹਿਬ ਨੇ ਕਿਹਾ ਕਿ ਭਾਰਤੀ ਫ਼ੌਜ ਦੇ ਅਧਿਕਾਰੀ ਨੇ ਅਜਿਹਾ ਬਿਆਨ ਕਿਉਂ ਦਿੱਤਾ ਇਸ ਬਾਰੇ ਤਾਂ ਉਹ ਹੀ ਸਪੱਸ਼ਟ ਕਰ ਸਕਦੇ ਹਨ ਪਰੰਤੂ ਅਜਿਹੀ ਗੱਲ ਕਹੀ ਜਾਣੀ ਬਹੁਤ ਗ਼ਲਤ ਤੇ ਹੈਰਾਨੀਜਨਕ ਹੈ। ਉਨ੍ਹਾਂ ਕਿਹਾ ਕਿ ਬਤੌਰ ਐਡੀਸ਼ਨਲ ਮੁੱਖ ਗ੍ਰੰਥੀ ਉਹ ਇਹ ਗੱਲ ਦਾਅਵੇ ਨਾਲ ਕਹਿ ਰਹੇ ਹਨ ਕਿ ਗੰਨਾਂ ਲਗਾਉਣ ਸਬੰਧੀ ਕੋਈ ਪ੍ਰਵਾਨਗੀ ਫ਼ੌਜ ਨੂੰ ਨਹੀਂ ਦਿੱਤੀ ਗਈ।

ਫ਼ੌਜ ਦੇ ਅਧਿਕਾਰੀ ਵੱਲੋਂ ਇਸ ਬਿਆਨ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਉਨ੍ਹਾਂ ਨਾਲ ਬਲੈਕਆਊਟ ਦੇ ਸਮੇਂ ਲਾਈਟਾਂ ਬੰਦ ਕਰਵਾਉਣ ਸਬੰਧੀ ਸੰਪਰਕ ਕੀਤਾ ਗਿਆ ਸੀ, ਜਿਸ ਸਬੰਧੀ ਪ੍ਰਬੰਧਕੀ ਤੌਰ ਉੱਤੇ ਜ਼ਿੰਮੇਵਾਰੀ ਸਮਝਦਿਆਂ ਅਸੀਂ ਪੂਰਨ ਸਹਿਯੋਗ ਕੀਤਾ ਸੀ। ਉਨ੍ਹਾਂ ਕਿਹਾ ਕਿ ਭਾਰਤੀ ਫ਼ੌਜ ਦੇ ਅਧਿਕਾਰੀਆਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਵਾਈ ਸੁਰੱਖਿਆ ਗੰਨਾਂ ਲਗਾਉਣ ਸਬੰਧੀ ਕਿਸੇ ਕਿਸਮ ਦਾ ਸੰਪਰਕ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦਾ ਪਾਲਣ ਕਰਨ ਲਈ ਐਡੀਸ਼ਨਲ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨਾਲ ਸਲਾਹ ਕਰਕੇ ਬਾਹਰੀ ਲਾਈਟਾਂ ਹੀ ਬੰਦ ਕਰਵਾਈਆਂ ਗਈਆਂ ਸਨ। ਐਡਵੋਕੇਟ ਧਾਮੀ ਨੇ ਕਿਹਾ ਕਿ ਬਲੈਕਆਊਟ ਦੌਰਾਨ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਸੰਗਤ ਨਤਮਸਤਕ ਹੋਣ ਤੇ ਸੇਵਾ ਕਰਨ ਪੁੱਜਦੀ ਰਹੀ ਹੈ ਅਤੇ ਜੇਕਰ ਗੰਨਾਂ ਲਗਾਉਣ ਜਿਹੀ ਕੋਈ ਘਟਨਾ ਵਾਪਰੀ ਹੁੰਦੀ ਤਾਂ ਸੰਗਤ ਨੇ ਵੀ ਇਸ ਨੂੰ ਜ਼ਰੂਰ ਦੇਖਿਆ ਅਤੇ ਨੋਟਿਸ ਕੀਤਾ ਹੁੰਦਾ। ਉਨ੍ਹਾਂ ਕਿਹਾ ਕਿ ਫੌਜ ਦੇ ਇੱਕ ਅਧਿਕਾਰੀ ਵੱਲੋਂ ਅਜਿਹੀ ਗੱਲ ਨੂੰ ਅੱਗੇ ਵਧਾਉਣਾ ਹੈਰਾਨੀਜਨਕ ਹੈ। ਉਨ੍ਹਾਂ ਕਿਹਾ ਭਾਰਤ ਸਰਕਾਰ ਨੂੰ ਇਹ ਗੱਲ ਸਪੱਸ਼ਟ ਕਰਨੀ ਚਾਹੀਦੀ ਹੈ ਕਿ ਅਜਿਹੇ ਬਿਆਨ ਫੌਜ ਦੇ ਅਧਿਕਾਰੀਆਂ ਵੱਲੋਂ ਕਿਉਂ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਬਣੇ ਤਣਾਅਪੂਰਨ ਹਾਲਾਤ ਵਿੱਚ ਦੇਸ਼ ਅਤੇ ਫੌਜ ਵੱਲੋਂ ਨਿਭਾਈ ਭੂਮਿਕਾ ਸ਼ਲਾਘਾਯੋਗ ਹੈ ਪਰੰਤੂ ਸਿੱਖਾਂ ਦੇ ਕੇਂਦਰੀ ਧਾਰਮਿਕ ਅਸਥਾਨ ਬਾਰੇ ਕਈ ਦਿਨਾਂ ਬਾਅਦ ਅਜਿਹੀ ਗਲਤ ਗੱਲ ਫੈਲਾਉਣੀ ਹੈਰਾਨੀਜਨਕ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹੋਣ ਵਜੋਂ ਐਡਵੋਕੇਟ ਧਾਮੀ ਨੇ ਸਪੱਸ਼ਟ ਕੀਤਾ ਕਿ ਗੰਨਾਂ ਲਗਾਉਣ ਜਿਹੀ ਕੋਈ ਪ੍ਰਵਾਨਗੀ ਨਹੀਂ ਦਿੱਤੀ ਗਈ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਸਪੱਸ਼ਟ ਕੀਤਾ ਕਿ ਭਾਵੇਂ ਕਿ ਜਦੋਂ ਬੀਤੇ ਦਿਨੀਂ ਫ਼ੌਜ ਦੀ ਕਾਰਵਾਈ ਚੱਲ ਰਹੀ ਸੀ, ਉਹ ਉਸ ਸਮੇਂ ਵਿਦੇਸ਼ ਦੌਰੇ ਉੱਤੇ ਸਨ, ਪਰੰਤੂ ਇਸ ਦੌਰਾਨ ਉਨ੍ਹਾਂ ਨਾਲ ਗੰਨਾਂ ਲਗਾਉਣ ਸਬੰਧੀ ਕੋਈ ਗੱਲਬਾਤ ਨਹੀਂ ਹੋਈ ਅਤੇ ਨਾ ਹੀ ਅਜਿਹੀ ਕੋਈ ਗੱਲ ਸ੍ਰੀ ਦਰਬਾਰ ਸਾਹਿਬ ਵਿਖੇ ਵਾਪਰੀ ਹੈ। ਗਿਆਨੀ ਰਘਬੀਰ ਸਿੰਘ ਨੇ ਫੌਜ ਦੇ ਅਧਿਕਾਰੀ ਵੱਲੋਂ ਬਿਆਨਬਾਜ਼ੀ ਨੂੰ ਹੈਰਾਨੀਜਨਕ ਦੱਸਿਆ।

ਸਫਾ 1 ਦੀ ਬਾਕੀ

# ਹਲਕਾ ਆਦਮਪੁਰ ਦੇ ਲੋਕਾਂ ਦੀਆਂ ਲੰਬੇ ਸਮੇਂ ਤੋਂ........

ਫਤਿਹ ਟਾਈਮਜ਼ ਵਿੱਚ ਵੀ ਆਮ ਲੋਕਾਂ ਦੀ ਨਹੀਂ ਸੁਣੀ ਗਈ ਲੋਕਾਂ ਦੀ ਸਭ ਤੋਂ ਵੱਡੀ ਮੰਗ ਖੰਡ ਮਿੱਲ ਵਿੱਚ ਲੱਗ ਰਿਹਾ ਸੀਐਨਜੀ ਪਲਾਂਟ ਜੋ ਕਿ ਲੋਕਾਂ ਦੀ ਸਿਹਤ ਲਈ ਹਾਨੀਕਾਰਕ ਹੈ। ਲੋਕਾਂ ਦਾ ਕਹਿਣਾ ਹੈ ਕਿ ਸੀਐਨਜੀ ਪਲਾਂਟ ਚਾਲੂ ਹੁੰਦਾ ਤੇ ਪ੍ਰਦੂਸ਼ਣ ਹੋਵੇਗਾ, ਜਮੀਨ ਹੇਠਲਾ ਪਾਣੀ ਵੀ ਸਾਫ ਨਹੀਂ ਰਹੇਗਾ ਕਿਉਂਕਿ ਖੰਡ ਮਿੱਲ ਦੇ ਨਾਲ ਨਾਲ ਸੰਘਣੀ ਆਬਾਦੀ ਹੈ ਆਦਮਪੁਰ ਸ਼ਹਿਰ ਵਿੱਚ ਸ਼ੁਰੂ ਕੀਤਾ ਹੋਇਆ ਪੁਲ ਦਾ ਕੰਮ ਵਿਚਾਲੇ ਛੱਡਣ ਕਰਕੇ ਸ਼ਹਿਰ ਦੇ ਲੋਕ ਖੱਜਲ ਖੁਆਰ ਹੋ ਰਹੇ ਹਨ ਵਰਖਾ ਦੇ ਮਾਹੌਲ ਵਿੱਚ ਗੰਦਗੀ ਦੇ ਢੇਰ ਲੱਗ ਜਾਂਦੇ ਹਨ ਦੁਕਾਨਦਾਰਾਂ ਨੂੰ ਭਾਰੀ ਮਸੀਬਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਸ ਤਰ੍ਹਾਂ ਵੀ ਹੋ ਸਕੇ ਇਸ ਮਸਲੇ ਵੱਲ ਧਿਆਨ ਦੇਣ ਦੀ ਜਰੂਰਤ ਹੈ ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਆਗੂ ਅਤੇ ਹੋਰ ਵੀ ਜਿੰਮੇਵਾਰ ਅਧਿਕਾਰੀ ਹਾਜ਼ਰ ਸਨ।

# ਸਾਬਕਾ ਕੌਂਸਲਰ ਲਤਾ ਸ਼ਰਮਾ ਦੇ ਵਾਰਡ ਨੰਬਰ 9 ਤੋਂ ਚੋਣ ਲੜਨ ਦੀ ਜਤਾਈ ਉਮੀਦ

## ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸ਼ਰਮਾ ਪਰਿਵਾਰ ਨੇ ਹੁਣੇ ਤੋਂ ਸਰਗਰਮੀਆਂ ਕੀਤੀਆਂ ਤੇਜ਼

ਫਤਿਹ ਟਾਈਮਜ਼

ਤਪਾ ਮੰਡੀ, 20 ਮਈ (ਧੀਮਾਨ) ਭਾਵੇਂ ਨਗਰ ਕੌਂਸਲ ਚੋਣਾਂ 'ਚ ਅਜੇ ਕਈ ਮਹੀਨੇ ਬਾਕੀ ਪਏ ਹਨ ਪ੍ਰੰਤੂ ਸ਼ਹਿਰ ਅੰਦਰ ਉਮੀਦਵਾਰਾਂ ਨੇ ਲੋਕਾਂ ਨਾਲ ਸਾਂਝ ਪਾਉਣੀ ਸ਼ੁਰੂ ਕਰ ਦਿੱਤੀ ਹੈ। ਇਸੇ ਲੜੀ ਤਹਿਤ ਜਿੱਥੇ ਕੌਂਸਲਰ ਧਰਮਪਾਲ ਸ਼ਰਮਾ ਵਰਡ ਨੰਬਰ 4 ਤੋਂ ਮੌਜੂਦਾ ਉਮੀਦਵਾਰ ਹਨ ਉੱਥੇ ਹੁਣ ਦੂਜੇ ਪਾਸੇ ਆਉਣ ਵਾਲੇ ਸਮੇਂ 'ਚ ਵਾਰਡ ਨੰਬਰ 9 ਤੋਂ ਸਾਬਕਾ ਕੌਂਸਲਰ ਲਤਾ ਸ਼ਰਮਾ ਦੇ ਚੋਣ ਲੜਨ ਦੀ ਉਮੀਦ ਜਤਾਈ ਜਾ ਰਹੀ ਹੈ। ਜਿਸ ਸਬੰਧ ਵਿਚ ਸ਼ਰਮਾ ਪਰਿਵਾਰ ਵੱਲੋਂ



ਨਗਰ ਕੌਂਸਲ ਚੋਣਾਂ ਨੂੰ ਲੈ ਕੇ ਹੁਣੇ ਤੋਂ ਹੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਕੌਂਸਲਰ ਧਰਮਪਾਲ ਸ਼ਰਮਾ ਨੇ ਦੱਸਿਆ ਕਿ ਉਹਨਾਂ ਦਾ ਇੱਕੋ ਇੱਕ ਨਾਅਰਾ ਹੈ, 'ਮੇਰਾ ਵਾਰਡ ਮੇਰਾ ਪਰਿਵਾਰ' ਹੈ, ਕਿਉਂਕਿ ਲੋਕਾਂ ਦੀ ਸੇਵਾ ਕਰਕੇ ਉਹਨਾਂ ਨੂੰ ਖੁਸ਼ੀ ਮਿਲਦੀ ਹੈ। ਜਿਸ ਤਹਿਤ ਉਹ ਪਾਰਟੀਬਾਜੀ ਤੋਂ ਉੱਪਰ ਉੱਠ ਕੇ 24 ਘੰਟੇ ਲੋਕਾਂ ਦੀ ਸੇਵਾ 'ਚ ਹਰ ਸਮੇਂ ਹਾਜ਼ਰ ਰਹਿੰਦੇ ਹਨ ਅਤੇ ਉਹਨਾਂ ਦੀ ਧਰਮ ਪਤਨੀ ਵੀ ਜਦੋਂ ਖੁਦ ਕੌਂਸਲਰ ਸਨ, ਉਹ ਵੀ ਨਿਰਸਵਾਰਥ ਵਾਰਡ ਦੇ ਕੰਮ ਕਰਵਾਉਂਦੇ ਸਨ। ਜਿਸਦਾ ਨਤੀਜਾ ਸ਼ਹਿਰ ਵਾਸੀਆਂ ਦੇ ਸਾਹਮਣੇ ਹੈ ਕਿ ਵਾਰਡ ਵਾਸੀ ਉਹਨਾਂ ਨੂੰ ਲਗਾਤਾਰ ਵੋਟਾਂ ਪਾ ਕੇ ਜਿਤਾਉਂਦੇ ਆ ਰਹੇ ਹਨ। ਇਸ ਮੌਕੇ ਉਹਨਾਂ ਕਿਹਾ ਕਿ ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ 9 ਤੋਂ ਉਹਨਾਂ ਦੀ ਧਰਮ ਪਤਨੀ ਲਤਾ ਸ਼ਰਮਾ ਉਮੀਦਵਾਰ ਹੋ ਸਕਦੇ ਹਨ ਅਤੇ ਵਾਰਡ ਦਾ ਕੰਮ ਕਰਵਾਉਣ 'ਚ ਕੋਈ ਵੀ ਕਸਰ ਬਾਕੀ ਨਹੀਂ ਛੱਡਣਗੇ।

# ਫਤਿਹਾਬਾਦ ਵਿਖੇ ਸਰਪੰਚ ਜਗਵਿੰਦਰ ਸਿੰਘ ਦੀ ਅਗਵਾਈ ਚ ਲਾਇਬ੍ਰੇਰੀ ਦਾ ਕੀਤਾ ਉਦਘਾਟਨ

ਫਤਿਹ ਟਾਈਮਜ਼

ਫਤਿਹਾਬਾਦ, 20 ਮਈ (ਐਸ ਐਸ ਸੰਧਾ/ਸ਼ੀਤਲ ਬਾਵਾ) ਇਤਿਹਾਸਕ ਕਸਬਾ ਫਤਿਹਾਬਾਦ ਦੇ ਗੁਰਦੁਆਰਾ ਗੁਰੂ ਨਾਨਕ ਪੜਾਓ ਸਾਹਿਬ ਵਿਖੇ ਲਾਇਬਰੇਰੀ ਦਾ ਉਦਘਾਟਨ ਸਰਪੰਚ ਜਗਵਿੰਦਰ ਸਿੰਘ ਮਣਕੂ ਦੀ ਅਗਵਾਈ ਚ ਪਿੰਡ ਦੀ ਪੰਚਾਇਤ ਤੇ ਮੋਹਤਬਰਾਂ ਦੀ ਹਾਜਰੀ ਚ ਕੀਤਾ ਗਿਆ। ਇਸ ਮੌਕੇ ਕਸਬਾ ਫਤਿਹਾਬਾਦ ਦੇ ਵੱਖ ਵੱਖ ਪਾਰਟੀਆਂ ਦੇ ਆਗੂਆਂ ਨੇ ਇਸ ਪ੍ਰੋਗਰਾਮ ਵਿਚ ਸ਼ਮੂਲੀਅਤ ਕੀਤੀ। ਇਸ ਮੌਕੇ ਸਰਪੰਚ ਜਗਵਿੰਦਰ ਸਿੰਘ ਮਣਕੂ ਨੇ ਕਿਹਾ ਕਿ ਅੱਜ ਦੇ ਯੁੱਗ ਵਿਚ ਬੱਚਿਆਂ ਤੇ ਪਿੰਡ ਵਾਸੀਆਂ ਦੇ ਪੜਣ ਲਈ ਲਾਇਬਰੇਰੀ ਦਾ ਹੋਣਾ ਬਹੁਤ ਜਰੂਰੀ ਹੈ ਜਿਸ ਕਰਕੇ ਕਸਬਾ




ਫਤਿਹਾਬਾਦ ਦੇ ਮੋਹਤਬਰਾਂ ਵਲੋਂ ਇਹ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਤਨ ਸਿੰਘ ਦਿਓਲ ਪ੍ਰਧਾਨ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ,ਮਹਿੰਦਰ ਸਿੰਘ ਕੰਬੋਜ,ਧਰਮ ਸਿੰਘ ਸੰਧਾ,ਭਾਪਾ ਮੋਹਣ ਸਿੰਘ,ਨੰਬਰਦਾਰ ਬਲਦੇਵ ਸਿੰਘ,ਸੁਖਦੇਵ ਸਿੰਘ ਨੰਬਰਦਾਰ,ਗੁਰਦੇਵ ਸਿੰਘ ਪਵਾਰ, ਤਜਿੰਦਰ ਸਿੰਘ ਪ੍ਰਿੰਸ ਬਲਾਕ ਸੰਮਤੀ ਮੈਂਬਰ,ਗੁਰਭੇਜ ਸਿੰਘ ਭੇਜੀ,ਸੁਖਦੇਵ ਰਾਜ ਸੁੱਖ ਪੰਚ,ਕਸ਼ਮੀਰ ਸਿੰਘ ਸਹੋਤਾ,ਬਲਵਿੰਦਰ ਸਿੰਘ ਸਾਬੀ,ਕੁਲਦੀਪ ਸਿੰਘ ਪੰਚ,ਬਲਕਾਰ ਸਿੰਘ ਠੇਕੇਦਾਰ,ਸੁਰਿੰਦਰ ਸਿੰਘ ਛਿੰਦਾ,ਅਸ਼ੋਕ ਮਹਾਸ਼ਾ,ਬਲਜੀਤ ਸਿੰਘ ਕਾਮਰੇਡ,ਰਣਦੀਪ ਸਿੰਘ ਕਾਲੀ,ਗੁਰਸ਼ਰਨ ਸਿੰਘ ਪਵਾਰ,ਕਸ਼ਮੀਰ ਸਿੰਘ ਮਰੋਕ,ਜੰਗਲੀ ਮਹਾਸ਼ਾ ਆਦਿ ਹਾਜਰ ਸਨ।

# ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਪ੍ਰਤੀ ਕੀਤਾ ਜਾਗਰੂਕ

ਫਤਿਹ ਟਾਈਮਜ਼

ਬਰਨਾਲਾ, 20 ਮਈ (ਧੀਮਾਨ) ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਦੇ ਸਬੰਧ ਵਿੱਚ ਸਕੂਲ, ਕਾਲਜ, ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨਾਲ ਮਿਲ ਕੇ ਵੱਖ-ਵੱਖ ਜਾਗਰੂਕਤਾ ਸਮਾਗਮ ਕਰਵਾਏ ਜਾਂਦੇ ਹਨ। ਇਸ ਸਾਲ ਯੂਨਾਇਟਡ ਨੇਸ਼ਨ ਫਾਰ ਇਨਵਾਇਰਮੈਂਟ ਪ੍ਰੋਗਰਾਮ ਸਾਲ 2025 ਤਹਿਤ ਵਿਸ਼ਵ ਵਾਤਾਵਰਣ ਦਿਵਸ ਦਾ ਥੀਮ "ਬੀਟ ਪਲਾਸਟਿਕ ਪਲਿਊਸ਼ਨ" ਰੱਖਿਆ ਗਿਆ ਹੈ ਜਿਸ ਤਹਿਤ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਖੇਤਰੀ ਦਫ਼ਤਰ, ਬਰਨਾਲਾ ਵੱਲੋਂ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧੂ ਪੱਤੀ, ਬਰਨਾਲਾ ਵਿਖੇ ਵਿਦਿਆਰਥੀਆਂ



ਨੂੰ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕ ਕਰਨ ਲਈ ਇੱਕ ਪ੍ਰੋਗਰਾਮ ਕਰਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਪੇਂਟਿੰਗ ਅਤੇ ਭਾਸ਼ਣ (ਡਿਕਲੇਮੇਸ਼ਨ) ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿੱਚ ਜ਼ਿਲ੍ਹਾ ਬਰਨਾਲਾ ਦੇ ਲਗਭਗ 40 ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧੂ ਪੱਤੀ, ਬਰਨਾਲਾ ਦੇ ਵਾਇਸ ਪ੍ਰਿੰਸੀਪਲ ਜਸਪ੍ਰੀਤ ਸਿੰਘ ਨੇ ਸਮਾਗਮ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਜੀ ਆਇਆਂ ਆਖਿਆ। ਉਨ੍ਹਾਂ ਨੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਚਲਾਈ ਜਾ ਰਹੀ ਵਾਤਾਵਰਣ ਸਬੰਧੀ ਜਾਗਰੂਕਤਾ ਮੁਹਿੰਮ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਵਾਤਾਵਰਣ ਸਬੰਧੀ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਉਤਸ਼ਾਹ ਪੈਦਾ ਕਰਦੇ ਹਨ। ਇਹ ਉਪਰਾਲਾ ਵਿਦਿਆਰਥੀਆਂ ਵਿਚ ਵਾਤਾਵਰਣ ਪ੍ਰਤੀ ਸੁਚੇਤਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਭਾਰਨ ਵੱਲ ਇੱਕ ਸਰਾਹਣਯੋਗ ਕਦਮ ਸਾਬਤ ਹੋਵੇਗਾ। ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਖੇਤਰੀ ਦਫ਼ਤਰ, ਬਰਨਾਲਾ ਦੇ ਵਾਤਾਵਰਣ ਇੰਜੀਨੀਅਰ ਸ਼੍ਰੀ ਵਿੱਕੀ ਬਾਂਸਲ ਨੇ ਵਿਸ਼ਵ ਵਾਤਾਵਰਣ ਦਿਵਸ ਦੇ ਇਤਿਹਾਸ ਬਾਰੇ ਬੱਚਿਆਂ ਨੂੰ ਜਾਣੂ ਕਰਵਾਇਆ ਅਤੇ ਉਨ੍ਹਾਂ ਨੂੰ ਇਸ ਦਿਨ ਦੀ ਵਿਸ਼ੇਸ਼ਤਾ ਬਾਰੇ ਦੱਸਿਆ। ਉਨ੍ਹਾਂ ਨੇ ਦੱਸਿਆ ਕਿ ਸਾਡੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਪਲਾਸਟਿਕ ਦੀ ਵਰਤੋਂ ਵੱਧ ਰਹੀ ਹੈ ਜਿਸ ਕਾਰਨ ਪਲਾਸਟਿਕ ਪ੍ਰਦੂਸ਼ਨ ਆਉਣ ਵਾਲੇ ਸਮੇਂ ਵਿੱਚ ਗੰਭੀਰ ਸਮੱਸਿਆ ਬਣਦੀ ਜਾ ਰਹੀ ਹੈ। ਉਨ੍ਹਾਂ ਨੇ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਵਿੱਚ ਪਲਾਸਟਿਕ ਦੀ ਵਰਤੋਂ ਨੂੰ ਘਟਾਉਣ ਅਤੇ ਆਪਣੇ ਮਾਪਿਆਂ ਨੂੰ ਪਲਾਸਟਿਕ ਦੀ ਵਰਤੋਂ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਣੂ ਕਰਵਾਉਣ। ਉਨ੍ਹਾਂ ਨੇ ਦੱਸਿਆ ਕਿ ਪਲਾਸਟਿਕ ਦੀ ਵਰਤੋਂ ਕੇਵਲ ਇਨਸਾਨਾਂ ਲਈ ਹੀ ਨਹੀਂ ਸਗੋਂ ਜਾਨਵਰ ਅਤੇ ਸਮੁੰਦਰੀ ਜੀਵ-ਜੰਤੂਆਂ ਲਈ ਵੀ ਉਨ੍ਹਾਂ ਹੀ ਹਾਨੀਕਾਰਕ ਹੈ।

Editor,Owner and Publisher Sarbjot Singh Khalsa on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# ਸੁਭਾਸ਼ ਚੰਦਰ ਬੋਸ ਡਿਜ਼ਾਸਟਰ ਮੈਨੇਜਮੈਂਟ ਅਵਾਰਡ 2026 ਲਈ ਅਰਜ਼ੀਆਂ ਦੀ ਮੰਗ, ਡਿਪਟੀ ਕਮਿਸ਼ਨਰ



ਬਰਨਾਲਾ, 19 ਮਈ (ਧੀਮਾਨ) ਭਾਰਤ ਸਰਕਾਰ ਵੱਲੋਂ ਸੁਭਾਸ਼ ਚੰਦਰ ਬੋਸ ਡਿਜ਼ਾਸਟਰ ਮੈਨੇਜਮੈਂਟ ਅਵਾਰਡ 2026 ਲਈ ਅਰਜ਼ੀਆਂ ਮੰਗੀਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਬਰਨਾਲਾ ਸ਼੍ਰੀ ਟੀ ਬੈਨਿਥ ਨੇ ਦੱਸਿਆ ਕਿ ਇਹ ਇੱਕ ਸਾਲਾਨਾ ਰਾਸ਼ਟਰੀ ਪੁਰਸਕਾਰ ਹੈ ਜੋ ਆਪਦਾ ਪ੍ਰਬੰਧਨ ਦੇ ਖੇਤਰ ਵਿੱਚ ਵਿਅਕਤੀਗਤ ਅਤੇ ਸੰਸਥਾਵਾਂ ਵੱਲੋਂ ਕੀਤੇ ਗਏ ਸ਼ਾਨਦਾਰ ਯੋਗਦਾਨ ਨੂੰ ਸਨਮਾਨਿਤ ਕਰਦਾ ਹੈ। ਇਸ ਸਨਮਾਨ ਦਾ ਉਦੇਸ਼ ਆਫ਼ਤ ਜੋਖਮ ਘਟਾਉਣ, ਤਿਆਰੀ ਅਤੇ ਰਿਕਵਰੀ ਵਿੱਚ ਬੇਮਿਸਾਲ ਕੰਮ ਨੂੰ ਮਾਨਤਾ ਦੇਣਾ ਹੈ। ਇਸ ਸਬੰਧੀ ਬਿਨੈਕਾਰ ਅਧਿਕਾਰਤ ਅਵਾਰਡ ਪੋਰਟਲ https://awards.gov.in ਰਾਹੀਂ ਆਪਣੀਆਂ ਨਾਮਜ਼ਦਗੀਆਂ ਆਨਲਾਈਨ ਜਮ੍ਹਾਂ ਕਰ ਸਕਦੇ ਹਨ। ਅਰਜ਼ੀਆਂ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ 30 ਸਤੰਬਰ, 2025 ਹੈ।

# ਬੱਚਿਆਂ, ਬਜ਼ੁਰਗਾਂ ਤੇ ਗਰਭਵਤੀ ਔਰਤਾਂ ਦੀ ਸਿਹਤ ਦਾ ਖਾਸ ਧਿਆਨ ਰੱਖਿਆ ਜਾਵੇ: ਸਿਵਲ ਸਰਜਨ



ਬਰਨਾਲਾ, 20 ਮਈ (ਧੀਮਾਨ) ਇਨ੍ਹਾਂ ਦਿਨਾਂ ਵਿਚ ਗਰਮੀ ਲਗਾਤਾਰ ਵੱਧ ਰਹੀ ਹੈ ਅਤੇ ਤਪਸ਼ ਅਤੇ ਲੂਅ ਤੋਂ ਬਚਣ ਲਈ ਇਹਤਿਆਤ ਵਰਤਣੇ ਬੇਹੱਦ ਜ਼ਰੂਰੀ ਹਨ। ਸਿਵਲ ਸਰਜਨ ਡਾਕਟਰ ਬਲਜੀਤ ਸਿੰਘ ਨੇ ਕਿਹਾ ਕਿ ਅੱਖਾਂ ਦੇ ਸਾਹਮਣੇ ਹਨੇਰਾ, ਚੱਕਰ ਖਾ ਕੇ ਡਿੱਗ ਪੈਣਾ, ਬੇਚੈਨੀ ਅਤੇ ਘਬਰਾਹਟ, ਹਲਕਾ ਜਾਂ ਤੇਜ਼ ਬੁਖਾਰ, ਲੋੜ ਤੋਂ ਜ਼ਿਆਦਾ ਪਿਆਸ ਲੱਗਣਾ, ਸਿਰ ਵਿਚ ਤੇਜ਼ ਦਰਦ ਅਤੇ ਉਲਟੀਆਂ ਆਉਣਾ, ਕਮਜ਼ੋਰੀ ਮਹਿਸੂਸ ਹੋਣਾ, ਗਰਮੀ ਦੇ ਬਾਵਜੂਦ ਪਸੀਨਾ ਘੱਟ ਆਉਣਾ, ਮਾਸ਼ ਪੇਸ਼ੀਆਂ ਵਿੱਚ ਦਰਦ ਆਦਿ ਲੂਅ ਲੱਗਣ ਦੇ ਲੱਛਣ ਹਨ, ਜੇਕਰ ਅਜਿਹੇ ਲੱਛਣ ਨਜਰ ਆਉਣ ਤਾਂ ਵਿਅਕਤੀ ਨੂੰ ਛਾਵੇਂ ਬਿਠਾ ਦਿੱਤਾ ਜਾਵੇ, ਵਿਅਕਤੀ ਦੇ ਕੱਪੜੇ ਢਿੱਲੇ ਕਰੋ, ਪੀਣ ਲਈ ਕੁਝ ਤਰਲ ਪਦਾਰਥ ਦਿਓ, ਠੰਢੇ ਪਾਣੀ ਦੀਆਂ ਪੱਟੀਆਂ ਕਰੋ, ਠੰਡੇ ਪਾਣੀ ਨਾਲ ਭਰੇ ਬਾਥਟੱਬ ਵਿੱਚ ਮਰੀਜ਼ ਨੂੰ ਲਿਟਾਓ ਤੇ ਓ.ਆਰ.ਐਸ. ਦਾ ਘੋਲ ਬਣਾ ਕੇ ਪਿਲਾਓ। ਓਨ੍ਹਾਂ ਦੱਸਿਆ ਕਿ ਜੇਕਰ ਬੁਖਾਰ 104—105 ਡਿਗਰੀ ਫਾਰਨਹਾਈਟ ਤੋਂ ਜ਼ਿਆਦਾ, ਸਰੀਰ ਦੇ ਗਰਮ ਹੋਣ ਉੱਤੇ ਪਸੀਨਾ ਆਉਣਾ ਬੰਦ ਹੋ ਜਾਵੇ ਅਤੇ ਚਮੜੀ ਰੁੱਖੀ ਰੁੱਖੀ ਹੋ ਜਾਵੇ, ਮਰੀਜ਼ ਬੇਹੋਸ਼ ਹੋ ਜਾਵੇ, ਜ਼ਿਆਦਾ ਘਬਰਾਹਟ ਹੋਵੇ ਤਾਂ ਤੁਰੰਤ ਸਿਹਤ ਸੰਸਥਾ ਵਿਖੇ ਮਾਹਿਰ ਡਾਕਟਰ ਨੂੰ ਦਿਖਾਓ। ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ ਮੋਟਾਪੇ ਤੋਂ ਪੀੜਤ ਲੋਕ, ਦਿਲ ਦੇ ਮਰੀਜ਼, ਸਰੀਰਕ ਰੂਪ ਨਾਲ ਕਮਜ਼ੋਰ ਲੋਕ ਤੇ ਕੁਝ ਵਿਸ਼ੇਸ਼ ਦਵਾਈਆਂ ਜਿਨ੍ਹਾਂ ਦਾ ਸਰੀਰ ਦੇ ਰਸਾਇਣਾਂ ਜਾਂ ਖ਼ੂਨ ਦੀਆਂ ਨਾਲੀਆਂ 'ਤੇ ਅਸਰ ਪੈਂਦਾ ਹੈ, ਨੂੰ ਖਾਣ ਵਾਲੇ ਲੋਕਾਂ ਨੂੰ ਗਰਮੀ ਲੱਗਣ ਦੇ ਸਭ ਤੋਂ ਜ਼ਿਆਦਾ ਖਤਰਾ ਹੁੰਦਾ ਹੈ। ਓਨ੍ਹਾਂ ਕਿਹਾ ਕਿ ਲੂਅ ਤੋਂ ਬਚਣ ਲਈ ਜਦੋਂ ਵੀ ਘਰ ਤੋਂ ਬਾਹਰ ਨਿਕਲਣਾ ਹੋਏ ਤਾਂ ਸੂਤੀ ਹਲਕੇ ਅਤੇ ਆਰਾਮਦਾਇਕ ਕੱਪੜੇ ਪਾਓ ਅਤੇ ਸਿਰ ਨੂੰ ਢੱਕ ਕੇ ਰੱਖੋ, ਤਰਲ ਪਦਾਰਥਾਂ ਜਿਵੇਂ ਪਾਣੀ, ਲੱਸੀ, ਓ.ਆਰ.ਐੱਸ. ਦੇ ਘੋਲ ਦਾ ਵੱਧ ਤੋਂ ਵੱਧ ਸੇਵਨ ਕਰੋ। ਗਰਮੀ ਵਿੱਚ ਜਾਣ ਸਮੇਂ ਖਾਲੀ ਪੇਟ ਘਰੋਂ ਬਾਹਰ ਨਾ ਨਿਕਲੋ, ਜ਼ਿਆਦਾ ਮਿਰਚ ਅਤੇ ਮਸਾਲੇਦਾਰ ਭੋਜਨ ਤੋਂ ਪ੍ਰਹੇਜ਼ ਕਰੋ, ਕੂਲਰ ਜਾਂ ਏ.ਸੀ. ਵਾਲੇ ਕਮਰੇ ਵਿੱਚੋਂ ਇੱਕ ਦਮ ਧੁੱਪ ਵਿੱਚ ਨਾ ਨਿਕਲੋ।


# ਪੱਤਰਕਾਰਾਂ ਦੀ ਲੋੜ

ਅਦਾਰਾ ਫਤਿਹ ਟਾਈਮਜ਼ ਨੂੰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਤੋਂ ਪੜ੍ਹੇ ਲਿਖੇ ਰਿਪੋਰਟਰਾਂ ਦੀ ਲੋੜ ਹੈ ਚਾਹਵਾਨ ਹੇਠ ਦਿੱਤੇ ਨੰਬਰ ਤੇ ਸੰਪਰਕ ਕਰਨ ।

ਮੋ:99885-37575


# ਜ਼ਿਲਾ ਹੈਡਕੁਆਰਟਰ ਗੁਰਦਾਸਪੁਰ ਵਿਖੇ ਮਜ਼ਦੂਰ ਮੰਗਾਂ 'ਤੇ ਟਰੇਡ ਯੂਨੀਅਨ ਮੋਰਚੇ ਅਤੇ ਐਸ ਕੇ ਐਮ ਵੱਲੋਂ ਦਿੱਤਾ ਗਿਆ ਧਰਨਾ



ਗੁਰਦਾਸਪੁਰ/ਪਠਾਨਕੋਟ, 20 ਮਈ (ਪਵਨ ਸ਼ਰਮਾਂ) ਮੋਦੀ ਸਰਕਾਰ ਵੱਲੋਂ ਮਜ਼ਦੂਰ ਪੱਖੀ ਕਾਨੂੰਨਾਂ ਨੂੰ ਖਤਮ ਕਰਕੇ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਬਣਾਏ ਚਾਰ ਲੇਬਰ ਕੋਡਜ ਰੱਦ ਕਰਨ, ਅੱਠ ਘੰਟੇ ਕੰਮ ਦਿਹਾੜੀ ਨੂੰ ਵਧਾਕੇ ਬਾਰਾ ਘੰਟੇ ਕਰਨ ਵਿਰੁਧ, ਮੋਦੀ ਸਰਕਾਰ ਵਲੋਂ ਖੇਤੀ ਧੰਦੇ ਤੇ ਪਬਲਿਕ ਸੈਕਟਰ ਦੀ ਤਬਾਹੀ ਕਰਨ ਲਈ ਜਿੰਮੇਵਾਰ ਦੇਸੀ ਵਿਦੇਸ਼ੀ ਬਹੁ ਰਾਸ਼ਟਰੀ ਕੰਪਨੀਆਂ ਦੀਆਂ ਸੰਸਾਰੀਕਰਨ, ਉਦਾਰੀਕਰਨ ਤੇ ਨਿਜੀਕਰਨ ਵਾਲੀਆਂ ਲੋਕ ਵਿਰੋਧੀ ਤੇ ਦੇਸ਼ ਵਿਰੋਧੀ ਨੀਤੀਆਂ ਖਿਲਾਫ ਸੰਘਰਸ਼ ਨੂੰ ਇਕਜੁੱਟ ਹੋ ਕੇ ਤਿੱਖਾ ਕਰਨ ਦੇ ਉਦੇਸ਼ ਨਾਲ ਕੇਂਦਰੀ ਟਰੇਡ ਯੂਨੀਅਨਾਂ ਅਤੇ ਫੈਡਰੇਸ਼ਨਾਂ ਦੇ ਸੱਦੇ ਤਹਿਤ ਦੇਸ਼ ਵਿਆਪੀ ਜ਼ਿਲਾ ਹੈਡਕੁਆਰਟਰ ਉਤੇ ਧਰਨਾ ਦੇਣ ਦੇ ਉਲੀਕੇ ਪ੍ਰੋਗਰਾਮ ਅਨੁਸਾਰ ਟਰੇਡ ਯੂਨੀਅਨਾਂ ਦੇ ਸਾਂਝੇ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਏਟਕ, ਸੀਟੂ, ਏਕਟੂ ਅਤੇ ਸੀ ਟੀ ਯੂ ਪੰਜਾਬ ਅਤੇ ਮਜ਼ਦੂਰਾਂ ਦੀ ਹਮਾਇਤ ਕਰਨ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਮਿਲ ਕੇ ਜ਼ਿਲਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਵਿਸ਼ਾਲ ਧਰਨਾ ਦਿੱਤਾ ਗਿਆ। 9 ਜੁਲਾਈ 2025 ਦੇਸ਼ ਵਿਆਪੀ ਹੜਤਾਲ ਨੂੰ ਸਫਲ ਕਰਨ ਪਿੰਡ ਪਿੰਡ ਹੋਕਾ ਦੇਣ ਦਾ ਸੱਦਾ ਦਿੱਤਾ। ਧਰਨੇ ਦੀ ਪ੍ਰਧਾਨਗੀ ਟਰੇਡ ਯੂਨੀਅਨ ਮੋਰਚੇ ਵਿਚ ਸ਼ਾਮਲ ਜਥੇਬੰਦੀਆਂ ਏਟਕ, ਸੀਟੂ, ਏਕਟੂ ਤੇ ਸੀ ਟੀ ਯੂ ਪੰਜਾਬ ਵੱਲੋਂ ਕ੍ਰਮਵਾਰ ਬਲਵਿੰਦਰ ਸਿੰਘ ਉਦੀਪੁਰ, ਰੂਪ ਸਿੰਘ ਪੱਡਾ, ਪ੍ਰੇਮ ਮਸੀਹ ਸੋਨਾ, ਜਸਵੰਤ ਸਿੰਘ ਬੁੱਟਰ ਅਤੇ ਸੰਯੁਕਤ ਕਿਸਾਨ ਮੋਰਚੇ ਵਿਚ ਸ਼ਾਮਲ ਕਿਸਾਨ ਆਗੂਆਂ ਰਾਜਗੁਰਵਿੰਦਰ ਸਿੰਘ ਲਾਡੀ, ਹਰਜੀਤ ਸਿੰਘ ਕਾਹਲੋਂ, ਗੁਲਜਾਰ ਸਿੰਘ ਬਸੰਤ ਕੋਟ, ਲਖਵਿੰਦਰ ਸਿੰਘ ਮਰੜ, ਸੁਖਦੇਵ ਸਿੰਘ ਭਾਗੋਕਾਵਾਂ,ਸੰਗਤ ਸਿੰਘ ਜੀਵਨਚੱਕ, ਬਲਬੀਰ ਸਿੰਘ ਬੈਂਸ, ਗੁਰਦੀਪ ਸਿੰਘ ਮੁਸਤਫਾਬਾਦ, ਮੁਲਾਜ਼ਮ ਫੈਡਰੇਸ਼ਨ ਆਗੂ ਕੁਲਦੀਪ ਸਿੰਘ ਪੂਰੋਵਾਲ, ਸੋਹਨ ਸਿੰਘ ਅਤੇ ਦਿਲਦਾਰ ਸਿੰਘ ਭੰਡਾਲ ਸਾਥੀਆਂ ਨੇ ਅਗਵਾਈ ਕੀਤੀ। 20 ਜੁਲਾਈ 2025 ਦੇ ਧਰਨਾ-ਪ੍ਰਦਰਸ਼ਨ ਅਤੇ 9 ਜੁਲਾਈ 2025 ਦੇਸ਼ ਵਿਆਪੀ ਹੜਤਾਲ ਦੀਆਂ ਮੁੱਖ ਮੰਗਾਂ ਮਜ਼ਦੂਰ ਪੱਖੀ ਸਾਰੇ ਕਿਰਤ ਕਾਨੂੰਨਾਂ ਨੂੰ ਬਹਾਲ ਰੱਖਿਆ ਜਾਵੇ,ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਮਿਨੀਮਮ ਵੇਜ਼ ਘੱਟੋ-ਘੱਟ 26000/- ਰੁਪਏ ਪ੍ਰਤੀ ਮਹੀਨਾ ਤਨਖਾਹ ਤੇ ਦਿਹਾੜੀ 700/- ਰੁਪਏ ਨਿਸਚਿਤ ਕੀਤੀ ਜਾਵੇ, ਅੱਠ ਘੰਟੇ ਕੰਮ ਦਿਹਾੜੀ ਦਾ ਸਮਾਂ ਪਹਿਲੇ ਦੀ ਤਰਾਂ ਬਹਾਲ ਰੱਖਿਆ ਜਾਏ, ਭੱਠਿਆਂ ਸਮੇਤ ਸਾਰੇ ਉਦਯੋਗਿਕ ਕੇਂਦਰਾਂ ਅੰਦਰ ਕਿਰਤ ਕਾਨੂੰਨ ਸਖਤੀ ਨਾਲ ਲਾਗੂ ਕੀਤੇ ਜਾਣ, ਪੰਜਾਬ ਸਰਕਾਰ ਵੱਲੋਂ ਸਾਲ 2012 ਤੋਂ ਰੋਕੀ ਮਿਨੀਮਮ ਸੋਧ ਤਰੁੰਤ ਜਾਰੀ ਕੀਤੀ, ਓਵਰ ਟਾਈਮ ਦਾ ਦੂਣੇ ਰੇਟ ਵਿਚ ਮਿਲਣਾ ਯਕੀਨੀ ਬਣਾਇਆ ਜਾਵੇ, ਆਸ਼ਾ ਵਰਕਰ ਮਿਡ-ਡੇ-ਮੀਲ ਵਰਕਰ ਆਂਗਣਵਾੜੀ ਵਰਕਰ ਤੇ ਹੋਰ ਸਕੀਮ ਅਧਾਰਿਤ ਵਰਕਰਾਂ ਨੂੰ ਘੱਟੋ-ਘੱਟ ਉਜਰਤ ਦੇ ਘੇਰੇ ਵਿਚ ਸ਼ਾਮਲ ਕੀਤਾ ਜਾਏ, ਪੰਜਾਬ ਦੇ ਲੇਬਰ ਵਿਭਾਗ ਅੰਦਰੋਂ ਢਿੱਲਮੱਠ ਨੀਤੀ ਨੂੰ ਦੂਰ ਕੀਤਾ ਜਾਏ, ਮਨਰੇਗਾ ਤਹਿਤ ਸਾਰਾ ਸਾਲ ਕੰਮ ਦਿੱਤਾ ਜਾਏ ਤੇ ਦਿਹਾੜੀ ਘੱਟੋ-ਘੱਟ 700 ਰੁਪਏ ਕੀਤੀ ਜਾਵੇ, ਗਰੀਬ ਲੋਕਾਂ ਨੂੰ ਮਾਈਕਰੋ ਫਨਾਂਸ ਕੰਪਨੀਆਂ ਦੇ ਚੁੰਗਲ ਤੋਂ ਬਚਾਇਆ ਜਾਵੇ ਤੇ ਮਜ਼ਦੂਰਾਂ ਦੀਆਂ ਹੋਰ ਮੰਗਾਂ ਤਰੁੰਤ ਲਾਗੂ ਕਰਾਉਣ ਲਈ ਅਵਾਜ ਬੁਲੰਦ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਟਰੇਡ ਯੂਨੀਅਨ ਆਗੂ ਵਿਜੇ ਕੁਮਾਰ ਸੋਹਲ, ਰਣਬੀਰ ਸਿੰਘ ਵਿਰਕ, ਸੁਭਾਸ਼ ਕੇਰੈ, ਧਿਆਨ ਸਿੰਘ ਠਾਕੁਰ, ਸ਼ਿਵ ਕੁਮਾਰ, ਰਣਜੀਤ ਕੌਰ, ਮਾਇਆਧਾਰੀ, ਮੁਰਾਰੀ ਲਾਲ ਦੀਨਾਨਗਰ ਕਿਸਾਨ ਆਗੂ ਬਲਬੀਰ ਸਿੰਘ ਕੱਤੋਵਾਲ, ਸੁਖਦੇਵ ਸਿੰਘ ਭਾਗੋਕਾਂਵਾਂ, ਬਲਬੀਰ ਸਿੰਘ ਬੈਂਸ, ਗੁਲਜਾਰ ਸਿੰਘ ਬਸੰਤ ਕੋਟ, ਮੱਖਣ ਸਿੰਘ ਕੁਹਾੜ, ਸੁਰਜੀਤ ਸਿੰਘ ਘੁਮਾਣ,ਬਚਨ ਸਿੰਘ ਭੰਬੋਈ, ਅਸ਼ਵਨੀ ਕੁਮਾਰ ਲੱਖਣਕਲਾਂ, ਬਲਬੀਰ ਸਿੰਘ ਉੱਚਾਧਕਾਲਾ, ਅਵਤਾਰ ਸਿੰਘ ਠੱਠਾ ਅਤੇ ਹੋਰ ਬੁਲਾਰੇ ਆਗੂਆਂ ਨੇ ਉਪਰੋਕਤ ਮੰਗਾਂ ਦੇ ਨਾਲ ਨਾਲ ਜਿੱਥੇ ਨਸ਼ਾ ਤੇ ਮਾਈਨਿੰਗ ਮਾਫੀਆ ਰਾਜ ਦੇ ਅਤੰਕ ਦੀ ਮਾਰ ਤੋਂ ਬਚਣ ਦੀ ਗੱਲ ਕੀਤੀ ਉੱਥੇ ਮਹਿੰਗਾਈ ਬੇਰੁਜ਼ਗਾਰੀ ਤੇ ਭਰਿਸ਼ਟਾਚਾਰ ਲਈ ਜਿੰਮੇਵਾਰ ਕੇਂਦਰ ਤੇ ਪੰਜਾਬ ਸਰਕਾਰ ਨੂੰ ਰੱਜ ਕੇ ਕੋਸਿਆ, ਨਾਲ ਹੀ ਦੇਸ਼ ਅੰਦਰ ਸਦੀਆਂ ਪੁਰਾਣੀ ਭਾਈਚਾਰਕ ਸਾਂਝ ਨੂੰ ਤੋੜਨ ਲਈ ਆਰ ਐਸ ਐਸ ਤੇ ਭਾਜਪਾ ਦੀ ਧਰਮ ਤੇ ਜਾਤ-ਪਾਤ ਅਧਾਰਿਤ ਸਮਾਜਿਕ ਵੰਡ ਪਾਉਣ ਦੀ ਕੋਸ਼ਿਸ਼ ਤੋਂ ਵੀ ਖਬਰਦਾਰ ਕੀਤਾ।

ਉਪਰੋਕਤ ਤੋਂ ਇਲਾਵਾ ਸਰਵਸਾਥੀ ਬੂਟਾ ਰਾਮ ਅਜਾਦ ਕੇਂਦਰੀ ਪੰਜਾਬੀ ਲੇਖਕ ਸਭਾ, ਅਬਿਨਾਸ਼ ਸਿੰਘ ਪੈਨਸ਼ਨਰ ਆਗੂ, ਸਟੀਫਨ ਮਸੀਹ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਕਿਸਾਨ ਤੇ ਮਜ਼ਦੂਰ ਆਗੂ ਜੋਗਿੰਦਰ ਸਿੰਘ ਲੇਹਲ, ਪਲਵਿੰਦਰ ਸਿੰਘ ਸੁਵਾਮੀ, ਸੁਰਜੀਤ ਸਿੰਘ ਘੁਮਾਣ, ਅਜੀਤ ਸਿੰਘ ਹੁੰਦਲ, ਗੁਰਦੀਪ ਸਿੰਘ ਕਮਾਲਪੁਰ, ਹਰਪਾਲ ਸਿੰਘ ਸੋਹਲ, ਕੁਲਜੀਤ ਸਿੰਘ ਰੰਧਾਵਾ,ਮੱਖਣ ਸਿੰਘ ਤਿੱਬੜ, ਡਾ ਬਲਬੀਰ ਸਿੰਘ ਪੀਰਾਂ ਬਾਗ, ਬਲਦੇਵ ਸਿੰਘ ਖਹਿਰਾ, ਜਰਨੈਲ ਸਿੰਘ ਸਪਰਾਏ ਕੋਠੀ, ਬੇਅੰਤ ਸਿੰਘ ਅਤੇ ਹੋਰ ਹਾਜ਼ਰ ਸਾਥੀਆਂ ਦਾ ਅੱਜ ਦੇ ਰੋਸ ਪ੍ਰਦਰਸ਼ਨ ਵਿਚ ਅਹਿਮ ਯੋਗਦਾਨ ਰਿਹਾ। ਸਟੇਜ ਸਕੱਤਰ ਦੀ ਜਿੰਮੇਵਾਰੀ ਕਾਮਰੇਡ ਧਿਆਨ ਸਿੰਘ ਠਾਕੁਰ ਨੇ ਨਿਭਾਈ।

# ਮਨੁੱਖੀ ਸਿਹਤ ਵਿੱਚ ਖਣਿਜਾਂ ਦੀ ਜਰੂਰੀ ਭੂਮਿਕਾ



(ਲੜੀਵਾਰ ਲੇਖ: ਕਿਸ਼ਤ 1) ਸਿਹਤ ਦੇ ਆਧਾਰ 'ਤੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਦੇ ਯਤਨ ਵਿੱਚ, ਖਣਿਜਾਂ ਚਾਹੇ ਉਹ ਮੈਕਰੋ ਹੋਣ ਜਾਂ ਮਾਈਕ੍ਰੋ ਦੀ ਮਹੱਤਤਾ ਨੂੰ ਘੱਟ ਨਹੀ ਕੀਤਾ ਜਾ ਸਕਦਾ। ਇਹ ਭੋਜਨ ਪਦਾਰਥ ਸਰੀਰ ਦੇ ਵੱਖ-ਵੱਖ ਕਾਰਜਾਂ ਵਿੱਚ ਇੱਕ ਅਹਿਮ ਭੂਮਿਕਾ ਨਿਭਾਉਂਦੇ ਹਨ, ਹੱਡੀਆਂ ਦੀ ਕਠੋਰਤਾ ਨੂੰ ਬਣਾਈ ਰੱਖਣ ਤੋਂ ਲੈ ਕੇ ਮੈਟਾਬੋਲਿਕ ਪ੍ਰਕਿਰਿਆਵਾਂ ਨੂੰ ਸਮਰਥਨ ਦੇਣ ਤੱਕ। ਹੁਣ ਜਦੋਂ ਪੋਸ਼ਣ ਬਾਰੇ ਜਾਣਕਾਰੀ ਵਧਦੀ ਜਾ ਰਹੀ ਹੈ ਤਾਂ ਤਾਂ ਇਹ ਸਮਝਣਾ ਜਰੂਰੀ ਹੈ ਕਿ ਇਹ ਖਣਿਜ ਸਿਹਤ ਵਿੱਚ ਕਿਸ ਤਰ੍ਹਾਂ ਦੀ ਭੂਮਿਕਾ ਨਿਭਾਉਂਦੇ ਹਨ।

ਖਣਿਜਾਂ ਨੂੰ ਸਮਝਣਾ: ਖਣਿਜਾਂ ਅਜਿਹੇ ਅਕਾਰਬਨ ਪਦਾਰਥ ਹਨ ਜੋ ਸਰੀਰ ਨੂੰ ਸਹੀ ਤਰੀਕੇ ਨਾਲ ਕੰਮ ਕਰਨ ਲਈ ਜਰੂਰੀ ਹਨ। ਇਹਨਾਂ ਨੂੰ ਸਰੀਰ ਦੀ ਲੋੜ ਦੇ ਆਧਾਰ 'ਤੇ ਦੋ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਹੈ: ਮੈਕਰੋ ਖਣਿਜ ਅਤੇ ਮਾਈਕ੍ਰੋ ਖਣਿਜ (ਜਿਨ੍ਹਾਂ ਨੂੰ ਟਰੇਸ ਖਣਿਜ ਵੀ ਕਿਹਾ ਜਾਂਦਾ ਹੈ)।

ਮੈਕਰੋ ਖਣਿਜ: ਇਹਨਾਂ ਦੀ ਲੋੜ ਵੱਡੇ ਮਾਤਰਾ ਵਿੱਚ ਹੁੰਦੀ ਹੈ ਅਤੇ ਇਨ੍ਹਾਂ ਵਿੱਚ ਕੈਲਸ਼ੀਅਮ, ਮੈਗਨੀਸ਼ੀਅਮ,ਪੋਟਾਸੀਅਮ, ਸੋਡੀਅਮ, ਫਾਸਫੋਰਸ ਅਤੇ ਗੰਧਕ ਸ਼ਾਮਲ ਹਨ। ਹਰ ਇਕ ਖਣਿਜ ਦੀ ਆਪਣੀ ਵਿਲੱਖਣ ਭੂਮਿਕਾ ਹੁੰਦੀ ਹੈ। ਉਦਾਹਰਨ ਵਜੋਂ, ਕੈਲਸ਼ੀਅਮ ਹੱਡੀਆਂ ਦੀ ਸਿਹਤ ਲਈ ਮਹੱਤਵਪੂਰਕ ਹੈ, ਜਦੋਂ ਕਿ ਪੋਟਾਸ਼ੀਅਮ ਰਕਤ ਦਬਾਅ ਨੂੰ ਨਿਯੰਤ੍ਰਿਤ ਕਰਨ ਵਿੱਚ ਸਹਾਇਕ ਹੈ।

ਮਾਈਕ੍ਰੋ ਖਣਿਜ: ਇਨ੍ਹਾਂ ਦੀ ਲੋੜ ਛੋਟੀ ਮਾਤਰਾ ਵਿੱਚ ਹੁੰਦੀ ਹੈ, ਜਿਵੇਂ ਕਿ ਆਇਰਨ, ਜ਼ਿੰਕ, ਕਾਪਰ, ਸੇਲੇਨਿਅਮ, ਆਇਓਡਾਈਨ ਅਤੇ ਮੈਨਗਨੀਜ਼ । ਹਾਲਾਂਕਿ ਇਨ੍ਹਾਂ ਦੀ ਲੋੜ ਘੱਟ ਹੁੰਦੀ ਹੈ, ਪਰ ਇਹ ਵੀ ਮਨੁੱਖੀ ਸਿਹਤ ਲਈ ਬਹੁਤ ਜਰੂਰੀ ਹਨ। ਉਦਾਹਰਨ ਵਜੋਂ, ਆਇਰਨ ਰਕਤ ਵਿੱਚ ਆਕਸੀਜਨ ਦਾ ਆਵਾਜਾਈ ਕਰਨ ਲਈ ਲਾਜ਼ਮੀ ਹੈ, ਜਦੋਂ ਕਿ ਜ਼ਿੰਕ ਇਮੀਉਨ ਫੰਕਸ਼ਨ ਵਿੱਚ ਮਹੱਤਵਪੂਰਕ ਭੂਮਿਕਾ ਨਿਭਾਉਂਦਾ ਹੈ।

ਮੈਕਰੋ ਖਣਿਜਾਂ ਦੀ ਮਹੱਤਤਾ: 1. ਹੱਡੀਆਂ ਦੀ ਸਿਹਤ: ਕੈਲਸ਼ੀਅਮ ਅਤੇ ਫਾਸਫੋਰਸ ਹੱਡੀਆਂ ਅਤੇ ਦੰਦਾਂ ਨੂੰ ਮਜ਼ਬੂਤ ਰੱਖਣ ਵਿੱਚ ਖਾਸ ਭੂਮਿਕਾ ਨਿਭਾਉਂਦੇ ਹਨ। ਇਹਨਾਂ ਖਣਿਜਾਂ ਦੀ ਘਾਟ ਹੋਣ ਨਾਲ ਓਸਟਿਓਪੋਰੋਸਿਸ ਅਤੇ ਹੋਰ ਹੱਡੀਆਂ ਦੇ ਰੋਗ ਹੋ ਸਕਦੇ ਹਨ।

2. ਇਲੈਕਟ੍ਰੋਲਾਈਟ ਬੈਲੈਂਸ: ਸੋਡੀਅਮ ਅਤੇ ਪੋਟਾਸ਼ੀਅਮ ਰਕਤ ਵਿੱਚ ਪਾਣੀ ਦੇ ਬੈਲੈਂਸ ਅਤੇ ਸਹੀ ਨਰਵ ਫੰਕਸ਼ਨ ਨੂੰ ਬਣਾਈ ਰੱਖਣ ਲਈ ਮਹੱਤਵਪੂਰਕ ਹਨ। ਇਹ ਮਾਸਪੇਸ਼ੀਆਂ ਦੇ ਸੁੰਗੜਨ ਅਤੇ ਦਿਲ ਦੇ ਧੜਕਣਾਂ ਨੂੰ ਨਿਯੰਤ੍ਰਿਤ ਕਰਨ ਵਿੱਚ ਸਹਾਇਕ ਹਨ।

3. ਮੇਟਾਬੋਲਿਕ ਫੰਕਸ਼ਨ: ਮੈਗਨੀਸ਼ੀਅਮ ਸਰੀਰ ਵਿੱਚ 300 ਤੋਂ ਵੱਧ ਜੀਵ ਰਸਾਇਣਿਕ ਪ੍ਰਕਿਰਿਆਵਾਂ ਵਿੱਚ ਸ਼ਾਮਲ ਹੈ, ਜਿਸ ਵਿੱਚ ਊਰਜਾ ਉਤਪਾਦਨ, ਪ੍ਰੋਟੀਨ ਸੰਸ਼ਲੇਸ਼ਣ ਅਤੇ ਰਕਤ ਗਲੂਕੋਜ਼ ਦਾ ਨਿਯੰਤ੍ਰਣ ਸ਼ਾਮਲ ਹੈ।

ਮਾਈਕ੍ਰੋ ਖਣਿਜਾਂ ਦੀ ਮਹੱਤਤਾ: 1. ਇਮਿਊਨ ਸਮਰਥਨ: ਜ਼ਿੰਕ ਇੱਕ ਮਜ਼ਬੂਤ ਇਮਿਊਨ ਸਿਸਟਮ ਲਈ ਮਹੱਤਵਪੂਰਕ ਹੈ। ਇਹ ਇਮਿਊਨ ਕੋਸ਼ਾਂ ਦੇ ਵਿਕਾਸ ਵਿੱਚ ਸਹਾਇਤਾ ਕਰਦਾ ਹੈ ਅਤੇ ਸਿਹਤ ਪ੍ਰਭਾਵ ਵਿੱਚ ਭੂਮਿਕਾ ਨਿਭਾਉਂਦਾ ਹੈ।

2. ਆਕਸੀਜਨ ਦੀ ਆਵਾਜਾਈ: ਆਇਰਨ ਹੈਮੋਗਲੋਬਿਨ ਦੇ ਬਣਨ ਲਈ ਜਰੂਰੀ ਹੈ, ਜੋ ਫੇਫੜਿਆਂ ਤੋਂ ਸਰੀਰ ਦੇ ਬਾਕੀ ਹਿੱਸਿਆਂ ਤੱਕ ਆਕਸੀਜਨ ਲੈ ਜਾਂਦਾ ਹੈ। ਆਇਰਨ ਦੀ ਘਾਟ ਨਾਲ ਐਨੀਮੀਆ ਹੋ ਸਕਦਾ ਹੈ, ਜਿਸ ਦੇ ਲੱਛਣ ਥੱਕਾਵਟ ਅਤੇ ਕਮਜ਼ੋਰੀ ਹੁੰਦੇ ਹਨ।

3. ਥਾਇਰਾਇਡ ਫੰਕਸ਼ਨ: ਆਇਓਡਾਈਨ ਥਾਇਰਾਇਡ ਹਾਰਮੋਨ ਦੇ (ਚਲਦਾ)



ਲੇਖਕ
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ।